


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਬੁੱਧਵਾਰ, 18 ਦਸੰਬਰ 2024

Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 128, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111




## ਗਾਜ਼ਾ ਪੱਟੀ ਚ 45 ਹਜ਼ਾਰ ਲੋਕਾਂ ਦੀ ਗਈ ਜਾਨ

**ਦੀਰ-ਅਲ-ਬਲਾਹ ਲੋਕ ਬਾਣੀ** - ਗਾਜ਼ਾ ਪੱਟੀ ਦੇ ਸਿਹਤ ਅਧਿਕਾਰੀਆਂ ਨੇ ਕਿਹਾ ਹੈ ਕਿ ਇਜ਼ਰਾਈਲ ਅਤੇ ਹਮਾਸ ਦਹਿਸ਼ਤਗਰਦਾਂ ਵਿਚਾਲੇ 14 ਮਹੀਨਿਆਂ ਤੋਂ ਚੱਲ ਰਹੀ ਜੰਗ ਕਾਰਨ ਹੁਣ ਤੱਕ 45,000 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਹੈ। ਸਿਹਤ ਮੰਤਰਾਲੇ ਨੇ ਇਨ੍ਹਾਂ ਅੰਕੜਿਆਂ 'ਚ ਮਾਰੇ ਗਏ ਆਮ ਨਾਗਰਿਕਾਂ ਤੇ ਬਾਗ਼ੀਆਂ ਦੀ ਗਿਣਤੀ ਵੱਖੋ-ਵੱਖਰੀ ਨਹੀਂ ਕੀਤੀ ਹੈ ਪਰ ਇਸ ਮੁਤਾਬਕ ਮ੍ਰਿਤਕਾਂ 'ਚੋਂ ਅੱਧੇ ਤੋਂ ਵੱਧ ਮਹਿਲਾਵਾਂ ਤੇ ਬੱਚੇ ਸ਼ਾਮਲ ਹਨ। ਦੂਜੇ ਪਾਸੇ ਇਜ਼ਰਾਈਲ ਦੀ ਫ਼ੌਜ ਨੇ ਬਗੈਰ ਕਿਸੇ ਸਬੂਤ ਦਾਅਵਾ ਕੀਤਾ ਹੈ ਕਿ ਇਸ ਨੇ ਹੁਣ ਤੱਕ



17,000 ਦਹਿਸ਼ਤਗਰਦ ਮਾਰੇ ਹਨ। ਸਿਹਤ ਮੰਤਰਾਲੇ ਨੇ ਕਿਹਾ ਹੈ ਕਿ ਅਕਤੂਬਰ 2023 ਵਿੱਚ ਸ਼ੁਰੂ ਹੋਈ ਜੰਗ ਤੋਂ ਬਾਅਦ ਹੁਣ ਤੱਕ ਕੁੱਲ 45,028 ਵਿਅਕਤੀ ਮਾਰੇ ਜਾ ਚੁੱਕੇ ਹਨ, ਜਦਕਿ 106,962 ਜ਼ਖ਼ਮੀ ਹੋਏ ਹਨ। ਇਸ ਮੁਤਾਬਕ ਅਸਲ ਗਿਣਤੀ ਇਸ ਤੋਂ ਵੱਧ ਹੋ ਸਕਦੀ ਹੈ

## ਏਅਰ ਇੰਡੀਆ ਐਕਸਪ੍ਰੈਸ ਬਹਿਰੀਨ ਜਾ ਰਹੇ ਜਹਾਜ਼ ਦੀ ਹੋਈ ਐਮਰਜੈਂਸੀ ਲੈਂਡਿੰਗ

**ਕੋਚੀ ਲੋਕ ਬਾਣੀ-** ਕੋਚੀਨ ਕੌਮਾਂਤਰੀ ਹਵਾਈ ਅੱਡੇ ਤੋਂ ਬਹਿਰੀਨ ਲਈ ਉਡਾਣ ਭਰਨ ਵਾਲੇ ਏਅਰ ਇੰਡੀਆ ਐਕਸਪ੍ਰੈਸ ਦੇ ਜਹਾਜ਼ ਨੂੰ ਅੱਜ ਟਾਇਰ ਵਿੱਚ ਖ਼ਰਾਬੀ ਦਾ ਪਤਾ ਚੱਲਣ ਮਗਰੋਂ ਉਡਾਣ ਭਰਨ ਤੋਂ ਕੁੱਝ ਦੇਰ ਬਾਅਦ ਹੀ ਸੁਰੱਖਿਅਤ ਉਤਾਰ ਲਿਆ ਗਿਆ। ਜਹਾਜ਼ ਵਿੱਚ ਲਗਪਗ 100 ਯਾਤਰੀ ਸਵਾਰ ਸਨ। ਇੱਕ ਸੂਤਰ ਨੇ ਦੱਸਿਆ ਕਿ ਜਹਾਜ਼ ਦੇ ਉਡਾਣ ਭਰਨ ਤੋਂ ਫੌਰੀ ਮਗਰੋਂ ਇਸ ਸਮੱਸਿਆ ਦਾ ਪਤਾ ਚੱਲ ਗਿਆ ਸੀ। ਇਹਤਿਆਤ ਵਜੋਂ ਯਾਤਰੀਆਂ



ਦੀ ਸੁਰੱਖਿਆ ਯਕੀਨੀ ਬਣਾਉਣ ਲਈ ਜਹਾਜ਼ ਨੂੰ ਕੋਚੀਨ ਹਵਾਈ ਅੱਡੇ 'ਤੇ ਵਾਪਸ ਉਤਾਰਨ ਦਾ ਨਿਰਦੇਸ਼ ਦਿੱਤਾ ਗਿਆ।

## ਧਮਾਕੇ ਦੌਰਾਨ ਰੂਸ ਦੇ ਪ੍ਰਮਾਣੂ ਸੁਰਖਿਆ ਅਫਸਰ ਦੀ ਹੋਈ ਮੌਤ

**ਮਾਸਕੋ, ਲੋਕ ਬਾਣੀ**-ਰੂਸੀ ਫੌਜ ਦਾ ਸਿਖਰਲਾ ਜਰਨੈਲ ਮਾਸਕੋ ਵਿਚ ਆਪਣੇ ਅਪਾਰਟਮੈਂਟ ਦੇ ਬਾਹਰ ਸਕੂਟਰ ਵਿਚ ਲੁਕਾ ਕੇ ਰੱਖੇ ਬੰਬ ਨਾਲ ਕੀਤੇ ਧਮਾਕੇ ਵਿਚ ਮਾਰਿਆ ਗਿਆ ਹੈ। ਰੂਸੀ ਜਰਨੈਲ, ਜਿਸ ਦੀ ਪਛਾਣ ਲੈਫਟੀਨੈਂਟ ਜਨਰਲ ਇਗੋਰ ਕਿਰੀਲੋਵ ਵਜੋਂ ਦੱਸੀ ਗਈ ਹੈ, ਅਜਿਹੇ ਮੌਕੇ ਸ਼ਿਕਾਰ ਬਣਿਆ ਹੈ ਜਦੋਂ ਅਜੇ ਇਕ ਦਿਨ ਪਹਿਲਾਂ ਯੂਕਰੇਨ ਦੀ ਸਕਿਓਰਿਟੀ ਸਰਵਿਸ ਨੇ ਉਸ 'ਤੇ ਫੌਜਦਾਰੀ ਦੋਸ਼ ਲਾਏ ਸਨ।



ਇਕ ਯੂਕਰੇਨੀ ਅਧਿਕਾਰੀ ਨੇ ਦਾਅਵਾ ਕੀਤਾ ਕਿ ਇਹ ਹਮਲਾ ਸਰਵਿਸ ਵੱਲੋਂ ਕੀਤਾ ਗਿਆ ਹੈ।

## ਚੇਨਈ ਵਿਚ ਜੇਤੂ ਸ਼ਤਰੰਜ ਖਿਡਾਰੀ ਦਾ ਲੋਕਾਂ ਕੀਤਾ ਸਵਾਗਤ

**ਤਾਮਿਲਨਾਡੂ (ਚੇਨਈ), ਲੋਕ ਬਾਣੀ** -ਵਿਸ਼ਵ ਸ਼ਤਰੰਜ ਚੈਂਪੀਅਨ ਡੀ ਗੁਕੇਸ਼ ਦਾ ਸਵਾਗਤ ਕਰਨ ਲਈ ਵੱਡੀ ਗਿਣਤੀ ਵਿਚ ਲੋਕ ਇਕੱਠੇ ਹੋਏ। ਜਦੋਂ ਉਹ ਚੇਨਈ ਚੇਪੌਕ ਕਲਾਇਵਨਾਰ ਅਰੰਗਮ ਜਾ ਰਿਹਾ ਸੀ, ਜਿਥੇ ਉਸ ਨੂੰ ਤਾਮਿਲਨਾਡੂ ਦੇ ਮੁੱਖ ਮੰਤਰੀ ਐਮ.ਕੇ. ਸਟਾਲਿਨ ਅਤੇ ਉਪ ਮੁੱਖ ਮੰਤਰੀ ਉਦਯਨਿਧੀ




ਸਟਾਲਿਨ ਦੁਆਰਾ ਸਨਮਾਨਿਤ ਕੀਤਾ ਜਾਵੇਗਾ।

## ਨਸ਼ੇ ਦੀ ਤਸਕਰ ਔਰਤ ਡੋਡਿਆਂ ਸਮੇਤ ਕਾਬੂ

**ਬੰਗਾ, ਲੋਕ ਬਾਣੀ** --ਥਾਣਾ ਸਿਟੀ ਬੰਗਾ ਪੁਲਸ ਨੇ ਇਕ ਮਹਿਲਾ ਨੂੰ ਕਾਬੂ ਕਰਕੇ ਉਸ ਦੇ ਕੋਲੋਂ 30 ਕਿਲੋ ਡੋਡੇ ਚੂਰਾ ਪੋਸਤ ਬਰਾਮਦ ਕੀਤਾ। ਪੁਲਸ ਨੇ ਕਥਿਤ ਦੋਸ਼ੀ ਮਹਿਲਾ ਖ਼ਿਲਾਫ਼ ਐੱਨ. ਡੀ. ਪੀ. ਐੱਸ. ਐਕਟ ਦੇ ਅਧੀਨ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮਾਮਲੇ ਦੇ ਜਾਂਚ ਅਧਿਕਾਰੀ




ਏ. ਐੱਸ. ਆਈ. ਜਸਵੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਅਗਵਾਈ ਵਿੱਚ ਪੁਲਸ ਪਾਰਟੀ ਕਾਹਮਾ ਤੋਂ ਹੁੰਦੇ ਹੋਏ ਖਟਕੜ ਖ਼ੁਰਦ ਤੋਂ ਪੁਲੀ ਸੂਆ ਬਾਹੜੋਵਾਲ ਨੂੰ ਜਾ ਰਹੀ ਸੀ ਕਿ ਇਸੇ ਦੌਰਾਨ ਸਾਹਮਣੇ ਤੋਂ ਇਕ ਮਹਿਲਾ ਸਿਰ ਤੇ ਵਜਨਦਾਰ ਥੈਲਾ ਲੈ ਕੇ ਆਉਂਦੀ ਵਿਖਾਈ ਦਿੱਤਾ ਜੋਕਿ ਪੁਲਸ ਪਾਰਟੀ ਨੂੰ ਵੇਖ ਕੇ ਖੇਤਾ ਵੱਲ ਨੂੰ ਚੱਲਣ ਲੱਗੀ ਤਾ ਪੁਲਿਸ ਨੇ ਸ਼ੱਕ ਦੇ ਆਧਾਰ ਤੇ ਉਕਤ ਮਹਿਲਾ ਨੂੰ ਕਾਬੂ ਕਰਕੇ ਜਦੋਂ ਉਸ ਦੇ ਥੈਲੇ ਦੀ ਤਲਾਸ਼ੀ ਲਈ ਤਾਂ ਉਸ ਦੇ ਵਿੱਚੋਂ 30 ਕਿਲੋ ਡੋਡੇ ਚੂਰਾ ਪੋਸਤ ਬਰਾਮਦ ਹੋਈ।

## ਆਪ ਦੇ ਨੇਤਾ ਸੰਜੈ ਸਿੰਘ ਖਿਲਾਫ 100 ਕਰੋੜ ਰੁਪਏ ਦੀ ਮਾਣਹਾਨੀ ਦਾ ਮੁਕੱਦਮਾ ਦਾਇਰ ਹੋਇਆ

**ਨਵੀਂ ਦਿੱਲੀ, ਲੋਕ ਬਾਣੀ**- ਅਦਾਲਤ ਨੇ ਗੋਆ ਦੇ ਮੁੱਖ ਮੰਤਰੀ ਪ੍ਰਮੋਦ ਸਾਵੰਤ ਦੀ ਪਤਨੀ ਵੱਲੋਂ 'ਪੈਸੇ ਬਦਲੇ ਨੌਕਰੀ' ਘੁਟਾਲੇ ਵਿੱਚ ਕਥਿਤ ਤੌਰ 'ਤੇ ਖੁਦ ਨੂੰ ਘਸੀਟਣ ਖ਼ਿਲਾਫ਼ ਦਾਇਰ 100 ਕਰੋੜ ਰੁਪਏ ਦੇ ਮਾਣਹਾਨੀ ਦੇ ਮੁਕੱਦਮੇ ਵਿੱਚ ਅੱਜ ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਸੰਜੈ ਸਿੰਘ ਨੂੰ ਨੋਟਿਸ ਜਾਰੀ ਕੀਤਾ ਹੈ। ਅਦਾਲਤ ਨੇ ਸੰਜੈ




ਸਿੰਘ ਨੂੰ ਅਗਲੇ ਸਾਲ 10 ਜਨਵਰੀ ਨੂੰ ਤਲਬ ਕੀਤਾ ਹੈ।

## ਅੱਜ ਕਿਸਾਨ ਜਥੇਬੰਦੀਆਂ ਰੋਕਣਗੀਆ ਰੇਲਾਂ ਹੋਵੇਗਾ ਪ੍ਰਦਰਸ਼ਨ

**ਫਿਰੋਜ਼ਪੁਰ, ਲੋਕ ਬਾਣੀ** --ਸੰਯੁਕਤ ਕਿਸਾਨ ਮੋਰਚਾ ਅਤੇ ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ 'ਤੇ ਜ਼ਿਲ੍ਹਾ ਫਿਰੋਜ਼ਪੁਰ ਰੇਲ ਰੋਕੋ ਮੋਰਚਾ ਫਿਰੋਜ਼ਪੁਰ ਵੱਲੋਂ 18 ਦਸੰਬਰ ਨੂੰ ਫਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ 'ਤੇ 3 ਘੰਟੇ ਲਈ ਰੇਲ ਚੱਕਾ ਜਾਮ ਕੀਤਾ ਜਾਵੇਗਾ। ਜਾਣਕਾਰੀ ਦਿੰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਧਰਮ ਸਿੰਘ ਸਿੱਧੂ ਨੇ ਦੱਸਿਆ ਕਿ 10 ਮਹੀਨਿਆਂ ਤੋਂ ਦਿੱਲੀ ਮੋਰਚਾ 2 ਚੱਲ ਰਿਹਾ ਹੈ ਅਤੇ ਹਰਿਆਣਾ ਪੁਲਸ, ਕਿਸਾਨਾਂ ਨੂੰ ਦਿੱਲੀ ਪੈਦਲ ਜਾਣ ਤੋਂ ਵੀ ਰੋਕ ਰਹੀ ਹੈ ਅਤੇ ਹਰਿਆਣਾ ਪੁਲਸ



ਵੱਲੋਂ ਕਿਸਾਨਾ 'ਤੇ ਤਸ਼ੱਦਦ ਕੀਤਾ ਜਾ ਰਿਹਾ ਹੈ, ਜੋ ਕਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਤੱਕ ਆਵਾਜ਼ ਪਹੁੰਚਾਉਣ ਲਈ 18 ਦਸੰਬਰ ਨੂੰ ਦੁਪਹਿਰ 12 ਤੋਂ 3 ਵਜੇ ਤੱਕ ਦੇਸ਼ ਭਰ ਦੇ ਕਿਸਾਨਾਂ ਵੱਲੋਂ ਰੇਲਾਂ ਰੋਕੀਆਂ ਜਾਣਗੀਆਂ

## ਤਿੰਨ ਸਾਲ ਆਪ ਸਰਕਾਰ ਦੇ ਰਾਜ ਚ ਨਿਗਮ ਤੇ ਅਫਸਰਾਂ ਦਾ ਰਿਹਾ ਰਾਜ਼

**ਜਲੰਧਰ, ਬਿੱਟੂ ਫੋਲੜੀਵਾਲ** -- ਆਪ ਸਰਕਾਰ ਦੇ ਆਉਣ ਤੋਂ ਬਾਅਦ ਕਾਨੂੰਨ ਵਿਵਸਥਾ ਦਾ ਬੁਰਾ ਹਾਲ ਹੈ ਰੋਜ਼ ਗੋਲੀਆਂ ਗੈਗਵਾਰ ਫਿਰੌਤੀ ਨਸ਼ਾ ਭ੍ਰਿਸ਼ਟਾਚਾਰ ਤਾਂ ਹੈ ਹੀ ਨਾਲ ਹੀ ਨਗਰ ਨਿਗਮ ਜਲੰਧਰ ਦੇ ਕੌਂਸਲਰ ਹਾਊਸ ਦੀ ਮਿਆਦ 24 ਜਨਵਰੀ 2023 ਨੂੰ ਖ਼ਤਮ ਹੋ ਗਈ ਸੀ ਅਤੇ ਹੁਣ ਅਗਲਾ ਕੌਂਸਲਰ ਹਾਊਸ ਜਨਵਰੀ 2025 ਵਿਚ ਬਣਨ ਜਾ ਰਿਹਾ ਹੈ। ਭਾਵੇਂ ਨਿਗਮ ਚੋਣਾਂ 2 ਸਾਲ ਦੀ ਦੇਰੀ ਨਾਲ ਹੋ ਰਹੀਆਂ ਹਨ ਪਰ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਬਣਿਆਂ 3 ਸਾਲ ਹੋਣ ਵਾਲੇ ਹਨ। ਅਜਿਹੇ ਵਿਚ ਵੇਖਿਆ ਜਾਵੇ ਤਾਂ 3

### ਨਗਰ ਨਿਗਮ ਤੇ ਅਫਸਰਾਂ ਦਾ ਰਿਹਾ ਰਾਜ਼

ਸਾਲਾਂ ਤੋਂ ਹੀ ਜਲੰਧਰ ਨਿਗਮ 'ਤੇ ਅਫ਼ਸਰਾਂ ਦਾ ਰਾਜ ਰਿਹਾ, ਜਿਸ ਦੌਰਾਨ ਇਕ ਸਮਾਂ ਤਾਂ ਅਜਿਹਾ ਵੀ ਆਇਆ, ਜਦੋਂ ਨਿਗਮ ਵਿਚ ਲੋਕਾਂ ਦੀ ਸੁਣਵਾਈ ਬਿਲਕੁਲ ਹੀ ਬੰਦ ਹੋ ਗਈ ਸੀ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਚੋਣਾਂ ਤੋਂ ਪਹਿਲਾ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਬਾਜਵਾ ਨੇ ਪੰਜਾਬ ਚੋਣ ਕਮਿਸ਼ਨ ਨਾਲ ਕੀਤੀ ਮੁਲਾਕਾਤ

ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਵਿੱਚ 21 ਦਸੰਬਰ ਨੂੰ ਹੋਣ ਵਾਲੀਆਂ ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ ਤੋਂ ਠੀਕ ਪਹਿਲਾਂ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਦੀ ਅਗਵਾਈ ਵਿੱਚ ਕਾਂਗਰਸ ਦੇ ਇੱਕ ਵਫ਼ਦ ਨੇ ਰਾਜ ਚੋਣ ਕਮਿਸ਼ਨਰ ਰਾਜ ਕੁਮਾਰ ਚੌਧਰੀ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਸੱਤਾਧਾਰੀ ਆਮ ਆਦਮੀ ਪਾਰਟੀ ਤੇ ਚੋਣਾਂ 'ਚ ਗੁੰਡਾਗਰਦੀ ਦਾ ਦੋਸ਼ ਲਗਾਇਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਪੁਲੀਸ ਸਰਕਾਰ ਦੀਆਂ ਹਦਾਇਤਾਂ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਦੇ ਉਮੀਦਵਾਰਾਂ ਤੇ ਹਮਲਾ ਕੀਤਾ ਗਿਆ। ਉਨ੍ਹਾਂ ਨੂੰ ਨਾਮਜ਼ਦਗੀ ਦਾਖ਼ਲ ਕਰਨ ਦੀ ਵੀ ਇਜਾਜ਼ਤ ਨਹੀਂ ਦਿੱਤੀ ਗਈ।

ਪਟਿਆਲਾ ਨਗਰ ਨਿਗਮ ਚੋਣਾਂ ਵਿੱਚ ਸਿਰਫ਼ 33 ਕਾਂਗਰਸੀ ਉਮੀਦਵਾਰ ਹੀ ਨਾਮਜ਼ਦਗੀ ਪੱਤਰ ਦਾਖ਼ਲ ਕਰ ਸਕੇ ਹਨ। ਜਦੋਂ ਕਿ ਪੰਜ ਸਾਲ ਪਹਿਲਾਂ ਹੋਈਆਂ ਚੋਣਾਂ ਵਿੱਚ ਕਾਂਗਰਸ ਕੋਲ 60 ਸੀਟਾਂ 'ਤੇ ਕੌਂਸਲਰ ਸਨ। ਉਨ੍ਹਾਂ ਕਿਹਾ ਕਿ ਉਹ ਇਸ ਮਾਮਲੇ ਨੂੰ ਲੈ ਕੇ ਹਾਈ ਕੋਰਟ ਗਏ ਹਨ। ਹੁਣ ਉਹ ਇਸ ਮਾਮਲੇ ਨੂੰ ਲੈ ਕੇ ਸੁਪਰੀਮ ਕੋਰਟ ਜਾਣਗੇ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਜਵਾ ਨੇ ਕਿਹਾ ਕਿ ਕਾਂਗਰਸੀ ਉਮੀਦਵਾਰਾਂ ਨੂੰ ਆਪਣੇ ਨਾਮਜ਼ਦਗੀ ਪੱਤਰ ਦਾਖਲ ਨਹੀਂ ਕਰਨ ਦਿੱਤੇ ਗਏ। ਉਮੀਦਵਾਰਾਂ ਦੇ ਕਾਗਜ਼ ਪਾੜ ਦਿੱਤੇ ਗਏ। ਨਾਮਜ਼ਦਗੀ ਦਫ਼ਤਰ ਦੇ ਬਾਹਰ ਉਮੀਦਵਾਰ ਦੇ ਪਿਤਾ ਦੀ ਕੁੱਟਮਾਰ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜ ਸਾਲ ਪਹਿਲਾਂ ਹੋਈਆਂ ਪਟਿਆਲਾ ਨਗਰ ਨਿਗਮ ਚੋਣਾਂ ਵਿੱਚ 60-60 ਉਮੀਦਵਾਰ ਜਿੱਤੇ ਸਨ ਪਰ ਇਸ ਵਾਰ ਕਾਂਗਰਸ ਹਰ ਥਾਂ ਚੋਣ ਲੜਨ ਦੇ ਸਮਰੱਥ ਨਹੀਂ ਹੈ। ਸਿਰਫ਼ 33 ਉਮੀਦਵਾਰ ਹੀ ਚੋਣ ਲੜ ਰਹੇ ਹਨ। 27 ਦੇ ਨੁਸਖੇ ਰੱਦ ਕਰ ਦਿੱਤੇ ਗਏ ਹਨ। ਇਹ ਬਹੁਤ ਮਾੜੀ



ਰਾਜਨੀਤੀ ਹੈ। ਉਨ੍ਹਾਂ ਕਿਹਾ ਕਿ ਉਹ ਆਪਣੇ ਉਮੀਦਵਾਰਾਂ ਨੂੰ ਉਨ੍ਹਾਂ ਦਾ ਹੱਕ ਮਿਲਣਾ ਯਕੀਨੀ ਬਣਾਉਣਗੇ।

ਬਾਜਵਾ ਨੇ ਕਿਹਾ ਕਿ ਅਸੀਂ ਇਸ ਮਾਮਲੇ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਗਏ ਹਾਂ। ਹਾਈ ਕੋਰਟ ਨੇ ਇਹ ਮਾਮਲਾ ਚੋਣ ਕਮਿਸ਼ਨ ਨੂੰ ਭੇਜ ਦਿੱਤਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਹਿਲਾਂ ਆਪਣਾ ਪੱਖ ਪੇਸ਼ ਕਰੋ। ਜਦੋਂ ਕਿ ਉਸ ਦੀ ਪਟੀਸ਼ਨ ਤੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੋਂ ਕੁਝ ਸਮੇਂ 'ਚ ਫੈਸਲਾ ਆਉਣ ਵਾਲਾ ਹੈ।

# ਅਸਲਾ ਧਾਰਕ 31 ਦਸੰਬਰ ਤੱਕ ਲੋੜੀਂਦੇ ਦਸਤਾਵੇਜ਼ ਜਮ੍ਹਾ ਕਰਵਾਉਣ-ਜ਼ਿਲ੍ਹਾ ਮੈਜਿਸਟ੍ਰੇਟ

ਮਾਨਸਾ, (ਲੋਕ ਬਾਣੀ):



ਜ਼ਿਲ੍ਹਾ ਮੈਜਿਸਟ੍ਰੇਟ ਮਾਨਸਾ ਸ੍ਰੀ ਕੁਲਵੰਤ ਸਿੰਘ ਕਿਹਾ ਕਿ ਜ਼ਿਲ੍ਹੇ ਦੇ ਜਿਨ੍ਹਾਂ ਅਸਲਾ ਧਾਰਕਾਂ ਵੱਲੋਂ ਆਪਣੇ ਅਸਲਾ ਲਾਇਸੰਸ ਸਤੰਬਰ 2019 ਤੋਂ ਬਾਅਦ ਸੇਵਾ ਕੇਂਦਰਾਂ ਵਿੱਚ ਈ-ਸੇਵਾ ਸਾਫ਼ਟਵੇਅਰ ਰਾਹੀਂ ਨਵੀਨਤਾ ਜਾਂ ਕੋਈ ਵੀ ਹੋਰ ਸਰਵਿਸ ਪ੍ਰਾਪਤ ਨਹੀਂ ਕੀਤੀ, ਉਹ ਤੁਰੰਤ ਆਪਣਾ ਅਸਲਾ ਲਾਇਸੰਸ ਨਵੀਨ ਕਰਵਾਉਣ, ਕੈਂਸਲ ਜਾਂ ਮ੍ਰਿਤਕ ਅਸਲਾ ਲਾਇਸੰਸ 'ਤੇ ਦਰਜ ਅਸਲੇ ਸਬੰਧੀ ਨਿਪਟਾਰਾ ਆਦਿ ਕਰਵਾਉਣ ਲਈ 31 ਦਸੰਬਰ 2024 ਤੱਕ ਨਜ਼ਦੀਕੀ ਸੇਵਾ ਕੇਂਦਰ ਕੋਲ ਲੋੜੀਂਦੇ ਦਸਤਾਵੇਜ਼ ਜਮ੍ਹਾ ਕਰਵਾਉਣ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਈ-ਗਵਰਨੈਸ ਸੋਸਾਇਟੀ, ਪ੍ਰਸ਼ਾਸਨਿਕ ਸੁਧਾਰ ਅਤੇ ਲੋਕ ਸ਼ਿਕਾਇਤ ਮੋਹਾਲੀ ਦੇ ਪੱਤਰ ਰਾਹੀਂ 01 ਜਨਵਰੀ 2025 ਤੋਂ ਬਾਅਦ ਉਨ੍ਹਾਂ ਅਸਲਾ ਲਾਇਸੰਸ 'ਤੇ ਕੋਈ ਸਰਵਿਸ ਅਪਲਾਈ ਨਹੀਂ ਕੀਤੀ ਜਾ ਸਕੇਗੀ।

# ਦਿਲਜੀਤ ਦੁਸਾਂਝ ਦੇ ਲਾਈਵ ਸ਼ੋਅ ਦੌਰਾਨ 150 ਮੋਬਾਈਲ ਫੋਨ ਹੋਏ ਚੋਰੀ, ਚੰਡੀਗੜ੍ਹ ਪੁਲਿਸ ਤੱਕ ਪਹੁੰਚੀ ਸ਼ਿਕਾਇਤ

ਚੰਡੀਗੜ੍ਹ, (ਲੋਕ ਬਾਣੀ) ਚੰਡੀਗੜ੍ਹ ਦੇ ਸੈਕਟਰ 34 'ਚ ਦਿਲਜੀਤ ਦੋਸਾਂਝ ਦੇ ਲਾਈਵ ਸ਼ੋਅ 'ਚ ਚੋਰਾਂ ਨੇ ਪੁਲਿਸ ਸੁਰੱਖਿਆ ਪ੍ਰਬੰਧਾਂ ਦੀ ਪੋਲ ਖੋਲ੍ਹ ਦਿੱਤੀ ਹੈ। ਦਿਲਜੀਤ ਦੇ ਸਮਾਗਮ ਵਿੱਚ ਸੈਂਕੜੇ ਪੁਲੀਸ ਮੁਲਾਜ਼ਮਾਂ ਦੀ ਮੌਜੂਦਗੀ ਦੇ ਬਾਵਜੂਦ ਚੋਰਾਂ ਨੇ 150 ਮੋਬਾਈਲ ਚੋਰੀ ਕਰ ਲਏ। 14 ਦਸੰਬਰ ਦੀ ਸ਼ਾਮ ਤੋਂ ਹੁਣ ਤੱਕ ਮੋਬਾਈਲ ਚੋਰੀ ਦੀਆਂ 150 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ, ਜੋ ਕਿ ਰਿਕਾਰਡ 'ਤੇ ਹਨ।

ਜਿਨ੍ਹਾਂ ਲੋਕਾਂ ਦੇ ਮੋਬਾਈਲ ਚੋਰੀ ਹੋ ਗਏ ਹਨ, ਉਹ ਹੌਲੀ-ਹੌਲੀ ਸ਼ਿਕਾਇਤਾਂ ਦਰਜ ਕਰਵਾ ਰਹੇ ਹਨ। ਇਹ ਅੰਕੜਾ 170 ਨੂੰ ਪਾਰ ਕਰ ਸਕਦਾ ਹੈ। ਇਸ ਤੋਂ ਪਹਿਲਾਂ ਕਰਨ ਔਜਲਾ ਦੇ ਸ਼ੋਅ ਵਿੱਚ ਮੋਬਾਈਲ ਚੋਰੀ ਦੀਆਂ 21 ਸ਼ਿਕਾਇਤਾਂ ਮਿਲੀਆਂ ਸਨ, ਪਰ ਹੌਲੀ-ਹੌਲੀ ਸ਼ਿਕਾਇਤਾਂ ਵਧਦੀਆਂ ਗਈਆਂ। ਕੁਝ ਲੋਕ ਸ਼ੋਅ ਛੱਡ ਕੇ ਥਾਣੇ 'ਚ ਸ਼ਿਕਾਇਤ ਦਰਜ ਕਰਵਾਉਣ ਗਏ। ਸ਼ੋਅ ਖਤਮ ਹੋਣ ਤੋਂ ਬਾਅਦ ਕੁਝ ਲੋਕਾਂ ਨੇ ਪੁਲਸ ਨੂੰ ਸ਼ਿਕਾਇਤ ਕੀਤੀ।

ਲੋਕਾਂ ਦਾ ਕਹਿਣਾ ਸੀ ਕਿ ਉਹ ਦਿਲਜੀਤ ਦੇ ਸ਼ੋਅ ਦਾ ਆਨੰਦ ਲੈਣ ਆਏ ਸੀ ਪਰ ਸ਼ੋਅ ਦੌਰਾਨ ਉਨ੍ਹਾਂ ਦਾ ਮੋਬਾਈਲ ਫੋਨ ਚੋਰੀ ਹੋਣ ਦੀ ਚਿੰਤਾ ਸੀ। ਹੈਰਾਨੀ ਦੀ ਗੱਲ ਹੈ ਕਿ ਇੰਨੀ ਪੁਲਿਸ ਸੁਰੱਖਿਆ ਦੇ ਬਾਵਜੂਦ ਚੋਰ ਭੀੜ ਵਿੱਚ ਕਿਵੇਂ ਵੜ ਗਏ, ਜਦੋਂ ਕਿ ਮੇਨ ਐਂਟਰੀ ਤੱਕ ਪਹੁੰਚਣ ਤੋਂ ਪਹਿਲਾਂ ਹੀ ਪੁਲਿਸ ਚੈਕਿੰਗ ਕਰ ਰਹੀ ਸੀ। ਪੁਲਿਸ ਸਿਰਫ਼ ਟਿਕਟਾਂ ਜਾਂ ਪਾਸਾਂ ਵਾਲੇ ਲੋਕਾਂ ਨੂੰ ਹੀ ਅੰਦਰ



ਜਾਣ ਦੇ ਰਹੀ ਸੀ। ਇਸ ਦੇ ਬਾਵਜੂਦ ਚੋਰ ਮੇਨ ਐਂਟਰੀ ਤੱਕ ਪਹੁੰਚ ਗਏ।

ਡਰੋਨ ਕੈਮਰਿਆਂ ਰਾਹੀਂ ਸ਼ੋਅ ਦੀ ਐਂਟਰੀ ਤੋਂ ਲੈ ਕੇ ਬਾਹਰ ਜਾਣ ਤੱਕ ਨਿਗਰਾਨੀ ਰੱਖੀ ਜਾ ਰਹੀ ਸੀ। ਇਸ ਦੇ ਬਾਵਜੂਦ ਚੋਰ ਬਿਨਾਂ ਕਿਸੇ ਡਰ ਤੋਂ ਚੋਰੀਆਂ ਕਰਦੇ ਰਹੇ। ਹੈਰਾਨੀ ਦੀ ਗੱਲ ਹੈ ਕਿ ਪੁਲਿਸ ਇੱਕ ਵੀ ਚੋਰ ਨੂੰ ਫੜ ਨਹੀਂ ਸਕੀ। ਕਰਨ ਔਜਲਾ ਦੇ ਸ਼ੋਅ ਵਿੱਚ ਹੋਈਆਂ ਚੋਰੀ ਦੀਆਂ ਘਟਨਾਵਾਂ ਤੋਂ ਪੁਲਿਸ ਨੇ ਵੀ ਕੋਈ ਸਬਕ ਨਹੀਂ ਸਿੱਖਿਆ।

# ਬਲੱਡ ਬੈਂਕ ਫਗਵਾੜਾ 'ਚ ਲਗਾਇਆ ਦੰਦਾਂ ਤੇ ਜਬਾੜਿਆਂ ਦਾ 443ਵਾਂ ਲੜੀਵਾਰ ਕੈਂਪ



ਫਗਵਾੜਾ (ਲੋਕ ਬਾਣੀ) - ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ ਵਿੱਚ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ 443ਵਾਂ ਦੰਦਾਂ ਅਤੇ ਜਬਾੜਿਆਂ ਦਾ ਫਰੀ ਕੈਂਪ ਬਲਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਰੋਟਰੀ ਕਲੱਬ ਦੇ ਸਾਬਕਾ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਸਤਪਾਲ ਸੇਠੀ ਵਲੋਂ ਕੀਤਾ ਗਿਆ। ਉਹਨਾਂ ਨੇ ਆਪਣੇ ਕਰ ਕਮਲਾਂ ਨਾਲ 2 ਲੋੜਵੰਦਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੰਡੇ ਅਤੇ ਬਲੱਡ ਬੈਂਕ ਵਲੋਂ ਲੋਕ ਸੇਵਾ ਵਿਚ ਦਿੱਤੇ ਜਾ ਰਹੇ ਸਹਿਯੋਗ ਦੀ ਸ਼ਲਾਘਾ ਕੀਤੀ। ਕੈਂਪ ਦੌਰਾਨ ਸੀ.ਐਮ.ਸੀ ਲੁਧਿਆਣਾ ਤੋਂ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ 120 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਮਰੀਜਾਂ ਦੇ ਖਰਾਬ ਹੋਏ ਦੰਦਾਂ ਦੀ ਭਰਾਈ ਵੀ ਕੀਤੀ ਗਈ। ਕੈਂਪ ਦੌਰਾਨ ਨਵੇਂ ਜਬਾੜੇ ਬਣਾਉਣ ਦੀ ਅਗਲੀ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਿਆ ਗਿਆ। ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 2 ਜਨਵਰੀ ਦਿਨ ਵੀਰਵਾਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਤਾਰਾ ਚੰਦ ਚੁੰਬਰ, ਵਿਸ਼ਵਾ ਮਿੱਤਰ ਸ਼ਰਮਾ, ਕ੍ਰਿਸ਼ਨ ਕੁਮਾਰ, ਕੁਲਦੀਪ ਦੁੱਗਲ, ਗੁਲਸ਼ਨ ਕਪੂਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਨਰਿੰਦਰ ਸਿੰਘ ਸੈਣੀ, ਅਜੀਤ ਪਾਲ ਸਿੰਘ ਕੋਚਰ ਆਦਿ ਹਾਜ਼ਰ ਸਨ।

# ਖਨੌਰੀ ਬਾਰਡਰ 'ਤੇ ਸਿਆਸੀ ਲੀਡਰਾਂ ਦੇ ਗੇੜੇ, ਅੱਜ ਮੋਰਚੇ 'ਚ ਪਹੁੰਚੇ ਰਾਜਾ ਵੜਿੰਗ

ਚੰਡੀਗੜ (ਲੋਕ ਬਾਣੀ)- ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਮਰਨ ਵਰਤ ਦੇ ਉੱਤੇ ਬੈਠੇ ਹੋਏ ਨੇ ਤੇ ਅੱਜ ਉਹਨਾਂ ਦੇ ਮਰਨ ਵਰਤ ਦਾ 21 ਵਾਂ ਦਿਨ ਹੈ ਅੱਜ ਸਵੇਰੇ ਕਾਂਗਰਸ ਪੰਜਾਬ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਉਨ੍ਹਾਂ ਨੂੰ ਮਿਲਣ ਲਈ ਖਨੌਰੀ ਬਾਰਡਰ ਪਹੁੰਚੇ ਹਨ। ਰਾਜਾ ਵੜਿੰਗ ਨੇ ਉਹਨਾਂ ਦੇ ਨਾਲ ਮੁਲਾਕਾਤ ਕਰਦਿਆਂ ਉਹਨਾਂ ਦਾ ਹਾਲ ਜਾਣਿਆ ਹੈ। ਉਨ੍ਹਾਂ ਦੇ ਨਾਲ ਗੁਰਕੀਰਤ ਕੋਟਲੀ ਵੀ ਮੌਜੂਦ ਸਨ। ਇਸ ਦੌਰਾਨ ਦੋਵਾਂ ਆਗੂਆਂ ਨੇ ਕਿਹਾ ਕਿ ਉਹ ਡੱਲੇਵਾਲ ਦੇ ਜਜ਼ਬੇ ਨੂੰ ਸਲਾਮ ਕਰਦੇ ਹਨ ਅਤੇ ਕੇਂਦਰ ਦੀ ਸਰਕਾਰ ਨੂੰ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਤੁਰੰਤ ਲਾਗੂ ਕਰਕੇ। ਉਨ੍ਹਾਂ ਨੇ ਕਿਹਾ ਕਿ ਅਸੀਂ ਡੱਲੇਵਾਲ ਦਾ ਮਰਨ ਵਰਤ ਖ਼ਤਮ ਕਰਵਾਉਣ ਦੀ ਅਪੀਲ ਕੀਤੀ ਹੈ ਪਰ ਆਪਣੀ ਗੱਲ ਦੇ ਦਰਿੜ ਹਨ। ਉਨ੍ਹਾਂ ਨੇ ਕਿਹਾ ਕਿ ਡੱਲੇਵਾਲ ਨੇ ਕਿਹਾ ਕਿ ਜੋ ਹੋਵੇਗੀ ਦੇਖਿਆ ਜਾਵੇਗਾ। ਵੜਿੰਗ ਨੇ ਕਿਹਾ ਕਿ ਉਨ੍ਹਾਂ ਨੇ ਕਿਹਾ ਕਿ ਜੇਕਰ ਮੈਨੂੰ ਕੁਝ ਹੁੰਦਾ ਹੈ ਤਾਂ ਮੈਂ ਕਿਸਮਤ ਵਾਲਾ ਹੋਵਾਂਗੇ।



ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਡੀਜੀਪੀ ਦੇ ਆਉਣ ਦਾ ਫਰਜ ਨਹੀਂ ਬਣਦਾ ਸਗੋਂ ਇੱਥੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਉਣਾ ਚਾਹੀਦਾ ਹੈ ਅਤੇ ਕੇਂਦਰ ਸਰਕਾਰ ਚੋਂ ਘੱਟੋ-ਘੱਟ ਕੇਂਦਰੀ ਮੰਤਰੀ ਅਮਿਤ ਸ਼ਾਹ ਨੂੰ ਇੱਥੇ ਆ ਕੇ ਕਿਸਾਨਾਂ ਨਾਲ ਗੱਲ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਕਿ ਡੱਲੇਵਾਲ ਸਾਬ੍ਹ ਆਪਣੀ ਜਾਨ ਜੋਖਮ 'ਚ ਪਾ ਕੇ ਪੰਜਾਬ ਦੇ ਲੋਕਾਂ ਲਈ ਲੜਾਈ ਲੜ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਉਹ ਰਾਹੁਲ ਗਾਂਧੀ ਨਾਲ ਗੱਲ ਕਰਕੇ ਜਗਜੀਤ ਸਿੰਘ ਡੱਲੇਵਾਲ ਦਾ ਮਾਮਲਾ ਦੇਸ਼ ਦੀ ਸੰਸਦ ਵਿੱਚ ਚੁੱਕਾਂਗੇ।ਦੱਸ ਦਈਏ ਕਿ ਲੰਘੇ ਕੱਲ੍ਹ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਖਨੌਰੀ ਬਾਰਡਰ 'ਤੇ 20 ਦਿਨਾਂ ਤੋਂ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਡੱਲੇਵਾਲ ਨਾਲ ਮੁਲਾਕਾਤ ਕੀਤੀ। ਉਨ੍ਹਾਂ ਦੇ ਨਾਲ ਕੇਂਦਰੀ ਗ੍ਰਹਿ ਮੰਤਰਾਲੇ ਦੇ ਅਧਿਕਾਰੀ ਮਯੰਕ ਮਿਸ਼ਰਾ ਵੀ ਸਨ। ਗੌਰਵ ਯਾਦਵ ਨੇ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਦਾ ਹਾਲ ਜਾਣਿਆ ਹੈ।

# ਪੰਜਾਬ ਪੁਲਿਸ ਵੱਲੋਂ ਕੈਨੇਡਾ ਅਧਾਰਤ ਅੱਤਵਾਦੀ ਅਰਸ਼ ਡੱਲਾ ਦੇ ਚਾਰ ਕਾਰਕੁਨ ਗ੍ਰਿਫਤਾਰ; ਤਿੰਨ ਪਿਸਤੌਲ ਬਰਾਮਦ

ਚੰਡੀਗੜ੍ਹ, (ਲੋਕ ਬਾਣੀ): ਸੰਗਠਿਤ ਅਪਰਾਧ ਦੇ ਖ਼ਾਤਮੇ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ, ਪੰਜਾਬ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਨੇ ਐਸਏਐਸ ਨਗਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਕੈਨੇਡਾ ਅਧਾਰਤ ਅੱਤਵਾਦੀ ਅਰਸ਼ ਡੱਲਾ ਅਤੇ ਇੱਕ ਹੋਰ ਵਿਦੇਸ਼ੀ ਹੈਂਡਲਰ ਦੇ ਚਾਰ ਕਾਰਕੁਨਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ .32 ਬੋਰ ਦੇ ਤਿੰਨ ਪਿਸਤੌਲ ਅਤੇ 16 ਕਾਰਤੂਸ ਬਰਾਮਦ ਕੀਤੇ ਗਏ ਹਨ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਦਿੱਤੀ।

ਫੜੇ ਗਏ ਵਿਅਕਤੀਆਂ ਦੀ ਪਛਾਣ ਗਗਨਦੀਪ ਸਿੰਘ ਅਤੇ ਨਵਜੋਤ ਸਿੰਘ ਉਰਫ਼ ਨੀਸ਼ੂ ਵਾਸੀ ਅਮਲੋਹ, ਫ਼ਤਹਿਗੜ੍ਹ ਸਾਹਿਬ, ਜੋ ਇਸ ਸਮੇਂ ਖਰੜ ਵਿਖੇ ਕਿਰਾਏ ਦੇ ਮਕਾਨ 'ਚ ਰਹਿ ਰਹੇ ਸਨ; ਪਟਿਆਲਾ ਦੇ ਭਾਦਸੋਂ ਦੇ ਰਹਿਣ ਵਾਲੇ ਲਖਵਿੰਦਰ ਸਿੰਘ ਅਤੇ ਫਰੀਦਕੋਟ ਵਾਸੀ ਵਿਪਨਪ੍ਰੀਤ ਸਿੰਘ ਵਜੋਂ ਹੋਈ ਹੈ। ਗ੍ਰਿਫ਼ਤਾਰ ਮੁਲਜ਼ਮਾਂ ਤੋਂ ਹਥਿਆਰ ਅਤੇ ਗੋਲੀ-ਸਿੱਕਾ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਚਿੱਟੇ ਰੰਗ ਦੀ ਸਵਿਫ਼ਟ ਕਾਰ, ਜਿਸ 'ਤੇ ਉਹ ਜਾ ਰਹੇ ਸਨ, ਵੀ ਜ਼ਬਤ ਕਰ ਲਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਨੇ ਆਪਣੇ ਵਿਦੇਸ਼ੀ ਹੈਂਡਲਰ




ਦਲਜੀਤ ਸਿੰਘ ਉਰਫ਼ ਨਿੰਦਾ ਦੇ ਨਿਰਦੇਸ਼ਾਂ 'ਤੇ ਬੀਤੀ 1 ਅਤੇ 2 ਦਸੰਬਰ ਦੀ ਦਰਮਿਆਨੀ ਰਾਤ ਨੂੰ ਮੁਹਾਲੀ ਦੇ ਫੇਜ਼ 11 ਸਥਿਤ ਕਾਰ ਐਕਸੈਸਰੀਜ਼ ਦੇ ਸ਼ੋਅਰੂਮ ਦੇ ਮਾਲਕ ਨੂੰ ਡਰਾ ਧਮਕਾ ਕੇ ਉਸ ਤੋਂ ਪੈਸੇ ਵਸੂਲਣ ਦੇ ਇਰਾਦੇ ਨਾਲ ਸ਼ੋਅਰੂਮ 'ਤੇ ਗੋਲੀਆਂ ਚਲਾਉਣ ਦਾ ਜ਼ੁਰਮ ਕਬੂਲਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਦਲਜੀਤ ਸਿੰਘ ਉਰਫ਼ ਨਿੰਦਾ ਦਾ ਪੁਰਾਣਾ ਅਪਰਾਧਕ ਰਿਕਾਰਡ ਹੈ, ਜੋ ਫ਼ਰਜ਼ੀ ਪਾਸਪੋਰਟ ਬਣਵਾ ਕੇ ਅਮਰੀਕਾ ਭੱਜ ਗਿਆ ਸੀ ਅਤੇ ਉਥੇ ਅਮਰੀਕਾ-ਅਧਾਰਤ ਕੱਟੜਪੰਥੀ ਗੈਂਗਸਟਰ ਨਾਲ ਜੁੜ ਗਿਆ ਸੀ।

ਡੀਜੀਪੀ ਨੇ ਕਿਹਾ ਕਿ ਇਹ ਮਾਡਿਊਲ ਕੱਟੜਪੰਥੀ ਅਰਸ਼ ਡੱਲਾ ਨਾਲ ਜੁੜਿਆ ਹੋਇਆ ਸੀ ਅਤੇ ਉਸ ਦੇ ਇਸ਼ਾਰੇ ਤੇ ਪੰਜਾਬ ਵਿੱਚ ਹੋਰ ਅਪਰਾਧਾਂ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਿਹਾ ਸੀ। ਉਨ੍ਹਾਂ ਕਿਹਾ ਕਿ ਗ੍ਰਿਫਤਾਰ ਕੀਤੇ ਗਏ ਸਾਰੇ ਮੁਲਜ਼ਮਾਂ ਦਾ ਪੁਰਾਣਾ ਅਤੇ ਲੰਬਾ ਅਪਰਾਧਕ ਰਿਕਾਰਡ ਹੈ, ਜਿਨ੍ਹਾਂ ਖ਼ਿਲਾਫ਼ ਕਈ ਕੇਸ ਦਰਜ ਹਨ, ਜਦਕਿ ਇਸ ਮਾਡਿਊਲ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਲਈ ਅਗਲੇਰੀ ਜਾਂਚ ਜਾਰੀ ਹੈ।

ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਏਡੀਜੀਪੀ ਏਜੀਟੀਐਫ ਪ੍ਰਮੋਦ ਬਾਨ ਨੇ ਕਿਹਾ ਕਿ ਮੋਹਾਲੀ ਵਿਖੇ ਕਾਰ ਐਕਸੈਸਰੀਜ਼ ਦੇ ਸ਼ੋਅਰੂਮ 'ਤੇ ਗੋਲੀਬਾਰੀ ਦੀ ਘਟਨਾ ਤੋਂ ਬਾਅਦ ਇਸ ਕੇਸ ਨੂੰ ਸੁਲਝਾਉਣ ਲਈ ਏਆਈਜੀ ਗੁਰਮੀਤ ਚੌਹਾਨ ਅਤੇ ਏਆਈਜੀ ਸੰਦੀਪ ਗੋਇਲ ਦੀ ਨਿਗਰਾਨੀ ਹੇਠ ਅਤੇ ਐਸਐਸਪੀ ਐਸਏਐਸ ਨਗਰ ਦੀਪਕ ਪਾਰੀਕ ਨਾਲ ਤਾਲਮੇਲ ਜ਼ਰੀਏ ਏਜੀਟੀਐਫ ਦੀਆਂ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਟੀਮਾਂ ਨੇ ਘਟਨਾ ਸਥਾਨ ਤੋਂ ਸੀਸੀਟੀਵੀ ਫੁਟੇਜ, ਤਕਨੀਕੀ ਜਾਣਕਾਰੀ ਅਤੇ ਸਬੂਤ ਇਕੱਠੇ ਕੀਤੇ, ਜਿਸ ਨਾਲ ਅਪਰਾਧ ਵਿੱਚ ਸ਼ਾਮਲ ਦੋ ਸ਼ੂਟਰਾਂ ਸਮੇਤ ਮੁਲਜ਼ਮਾਂ ਦੀ ਪਛਾਣ ਹੋਈ। ਉਨ੍ਹਾਂ ਦੱਸਿਆ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਏ.ਜੀ.ਟੀ.ਐਫ. ਦੀਆਂ ਵਿਸ਼ੇਸ਼ ਟੀਮਾਂ ਨੇ ਮੁਲਜ਼ਮਾਂ ਨੂੰ ਉਸ ਵੇਲੇ ਸਫ਼ਲਤਾਪੂਰਵਕ ਟਰੇਸ ਕਰ ਲਿਆ ਜਦੋਂ ਉਹ ਆਪਣੀ ਸਵਿਫ਼ਟ ਕਾਰ ਵਿੱਚ ਜਾ ਰਹੇ ਸਨ, ਜਿਸ ਉਪਰੰਤ ਪੁਲਿਸ ਟੀਮਾਂ ਵੱਲੋਂ ਮੁਲਜ਼ਮਾਂ ਨੂੰ ਫੋਕਲ ਪੁਆਇੰਟ, ਮੋਹਾਲੀ ਨੇੜਿਓਂ ਅਪਰਾਧ ਵਿੱਚ ਵਰਤੇ ਗਏ ਹਥਿਆਰਾਂ ਸਮੇਤ ਗ੍ਰਿਫਤਾਰ ਕਰ ਲਿਆ ਗਿਆ।

ਏਡੀਜੀਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਗਗਨਦੀਪ ਤੇ ਨਵਜੋਤ ਉਰਫ਼ ਨੀਸ਼ੂ ਨੇ ਕਾਰ ਐਕਸੈਸਰੀਜ਼ ਦੇ ਸ਼ੋਅਰੂਮ 'ਤੇ ਗੋਲੀਆਂ ਚਲਾਈਆਂ ਅਤੇ ਮੁਲਜ਼ਮ ਲਖਵਿੰਦਰ ਨੇ ਉਨ੍ਹਾਂ ਨੂੰ ਲੌਜਿਸਟਿਕ ਸਹਾਇਤਾ ਪ੍ਰਦਾਨ ਕਰਨ ਵਿੱਚ ਮਦਦ ਕੀਤੀ ਜਦਿ ਕਿ ਮੁਲਜ਼ਮ ਵਿਪਨਪ੍ਰੀਤ ਵੱਲੋ ਅਰਸ਼ ਡੱਲਾ ਦੇ ਕਹਿਣ 'ਤੇ ਉਨ੍ਹਾਂ ਨੂੰ ਹਥਿਆਰ ਮੁਹੱਈਆ ਕਰਵਾਏ ਗਏ।

ਐਸਐਸਪੀ ਦੀਪਕ ਪਾਰੀਕ ਨੇ ਦੱਸਿਆ ਕਿ ਮੁਲਜ਼ਮ ਗਗਨਦੀਪ ਥਾਣਾ ਅਮਲੋਹ ਵਿਖੇ ਦਰਜ ਡਕੈਤੀ ਦੇ ਕੇਸ ਵਿੱਚ ਵੀ ਪੁਲਿਸ ਨੂੰ ਲੋੜੀਂਦਾ ਸੀ, ਜਦੋਂਕਿ ਮੁਲਜ਼ਮ ਵਿਪਨਪ੍ਰੀਤ ਇਸ ਤੋਂ ਪਹਿਲਾਂ ਮਾਰਚ 2024 ਵਿੱਚ ਜਲੰਧਰ 'ਚ ਇੱਕ ਗਾਇਕ ਉੱਤੇ ਗੋਲੀਆਂ ਚਲਾਉਣ ਅਤੇ ਜਨਵਰੀ 2024 ਵਿੱਚ ਫਰੀਦਕੋਟ ਵਿਖੇ ਗੋਲੀਬਾਰੀ ਦੀ ਘਟਨਾ ਵਿੱਚ ਸ਼ਾਮਲ ਸੀ।

ਇਸ ਸਬੰਧੀ ਪੁਲਿਸ ਥਾਣਾ ਸਟੇਟ ਕ੍ਰਾਈਮ, ਐਸ.ਏ.ਐਸ.ਨਗਰ ਵਿਖੇ ਭਾਰਤੀ ਨਿਆ ਸੰਹਿਤਾ (ਬੀ.ਐਨ.ਐਸ.) ਦੀ ਧਾਰਾ 111 ਅਤੇ 3(5) ਅਤੇ ਅਸਲਾ ਐਕਟ ਦੀ ਧਾਰਾ 25(6)(7) ਤਹਿਤ ਐਫਆਈਆਰ ਨੰਬਰ 40 ਮਿਤੀ 15/12/2024 ਦਰਜ ਕੀਤੀ ਗਈ ਹੈ।

## ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦਾ ਇੰਸਪੈਕਟਰ 45,000 ਰੁਪਏ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ (ਲੋਕ ਬਾਣੀ) ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਫਿਰੋਜ਼ਪੁਰ ਵਿਖੇ ਤਾਇਨਾਤ ਪੰਜਾਬ ਰਾਜ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਇੰਸਪੈਕਟਰ ਅਮਿਤ ਕੁਮਾਰ ਕੱਕੜ ਨੂੰ 45,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦੀਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਫਿਰੋਜ਼ਪੁਰ ਦੇ ਇੱਕ ਆੜ੍ਹਤੀ ਮੋਹਨ ਲਾਲ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਹੈ ਕਿ ਉਕਤ ਮੁਲਜ਼ਮ ਖਰੀਦੇ ਗਏ ਝੋਨੇ ਦੀਆਂ ਬੋਰੀਆਂ ਬਾਬਤ ਮਜ਼ਦੂਰੀ ਅਤੇ ਸਿਲਾਈ ਆਦਿ ਖਰਚਿਆਂ ਨਾਲ ਸਬੰਧਤ ਬਿੱਲ ਪਾਸ ਕਰਨ ਲਈ 2 ਰੁਪਏ ਪ੍ਰਤੀ ਬੋਰੀ ਰਿਸ਼ਵਤ ਦੀ ਮੰਗ ਕਰ ਰਿਹਾ ਸੀ ਪਰ ਸੌਦਾ 1.30 ਰੁਪਏ ਪ੍ਰਤੀ ਬੋਰੀ ਵਿੱਚ ਤੈਅ ਹੋਇਆ, ਜਿਸਦੀ ਰਕਮ 45,000 ਰੁਪਏ ਬਣਦੀ ਹੈ।



ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਮੁਲਜ਼ਮ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 45,000 ਰੁਪਏ ਰਿਸ਼ਵਤ ਲੈਂਦਿਆਂ ਕਾਬੂ ਕਰ ਲਿਆ ਅਤੇ ਰਿਸ਼ਵਤ ਦੀ ਰਕਮ ਵੀ ਬਰਾਮਦ ਕਰ ਲਈ। ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਸੀਵਰੇਜ ਸਮਸਿਆ ਨੂੰ ਲੈ ਕੇ ਸਰਕਾਰ ਖਿਲਾਫ ਧਰਨਾ ਲਗਾਤਾਰ ਜਾਰੀ




ਮਾਨਸਾ (ਲੋਕ ਬਾਣੀ) - ਮਾਨਸਾ ਸ਼ਹਿਰ ਅੰਦਰ ਸੀਵਰੇਜ ਦੇ ਪਾਣੀ ਦੀ ਸਮਸਿਆ ਨੇ ਵਿਕਰਾਲ ਰੂਪ
ਧਾਰਨ ਕੀਤਾ ਹੋਇਆ ਹੈ ਇਸੇ ਸਮਸਿਆ ਦੇ ਹੱਲ ਲਈ ਬੀਤੇ ਕਈ ਦਿਨਾਂ ਤੋਂ ਮਾਨਸਾ ਦੇ ਬੱਸ ਸਟੈਂਡ ਚੌਂਕ ਤੇ ਲੜੀਵਾਰ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ ਇਸੇ ਲੜੀ ਤਹਿਤ ਅੱਜ ਮਾਨਸਾ ਕਾਂਗਰਸ ਕਮੇਟੀ ਦੇ ਸਾਬਕਾ ਕਾਰਜਕਾਰੀ ਪ੍ਰਧਾਨ ਐਡਵੋਕੇਟ ਗੁਰਪ੍ਰੀਤ ਸਿੰਘ ਵਿੱਕੀ ਨੇ ਇਸ ਰੋਸ ਧਰਨੇ ਵਿੱਚ ਸ਼ਮੂਲੀਅਤ ਕੀਤੀ ਓਹਨਾ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਾਨਸਾ ਸ਼ਹਿਰ ਅੰਦਰ ਸੀਵਰੇਜ ਦੇ ਹਾਲਤ ਬਹੁਤ ਨਾਜ਼ੁਕ ਬਣੇ ਹੋਏ ਹਨ ਸ਼ਹਿਰ ਦੀਆਂ ਸਾਰੀਆਂ ਸੜਕਾਂ ਗੰਦੇ ਪਾਣੀ ਨਾਲ ਭਰੀਆਂ ਹੋਈਆਂ ਹਨ ਜਿਸਦੇ ਚਲਦੇ ਸ਼ਹਿਰ ਵਾਸੀਆਂ ਨੂੰ ਗੰਦਗੀ ਤੇ ਬਿਮਾਰੀਆਂ ਦਾ ਸਾਮਣਾ ਕਰਨਾ ਪੈ ਰਿਹਾ ਹੈ ਵਿੱਕੀ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮਾਨਸਾ ਜ਼ਿਲੇ ਨਾਲ ਹਮੇਸ਼ਾ ਬੇਗਾਨਿਆ ਵਾਲਾ ਸਲੂਕ ਕੀਤਾ ਹੈ ਓਹਨਾ ਮਾਨਸਾ ਹਲਕੇ ਦੇ ਵਿਧਾਇਕ ਤੇ ਦੋਸ਼ ਲਾਉਂਦੇ ਕਿਹਾ ਕਿ ਉਹ ਆਪਣੀ ਸਰਕਾਰ ਤੋਂ ਮਾਨਸਾ ਨੂੰ ਆ ਰਹੀਆਂ ਦਰਪੇਸ਼ ਸਮੱਸਿਆਵਾ ਨੂੰ ਹੱਲ ਕਰਵਾਉਣ ਵਿੱਚ ਅਸਫਲ ਰਹੇ ਹਨ ਉਹਨਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਰੰਗਲਾ ਪੰਜਾਬ ਦੇ ਸੁਪਨੇ
ਦਿਖਾਉਣ ਵਾਲੀ ਮਜੂਦਾ ਸਰਕਾਰ ਨੇ ਪੰਜਾਬ ਨੂੰ ਵਿਕਾਸ ਪੱਖੋਂ ਪਿੱਛਾਂੜ ਕੇ ਰੱਖ ਦਿੱਤਾ ਹੈ ਇਸ ਮੌਕੇ ਉਹਨਾਂ ਨਾਲ ਰਾਮਪਾਲ ਸਿੰਘ ✡✡, ਗੁਰਸੇਵਕ ਸਿੰਘ ਢੂੰਡਾ ,ਸੁਖਦੇਵ ਸਿੰਘ , ਐਡਵੋਕੇਟ ਲਖਨਪਾਲ ਸਿੰਘ , ਚੰਨਪ੍ਰੀਤ ਸ਼ਰਮਾ ,ਗੁਰਜੀਤ ਸਿੰਘ ਸਾਬਕਾ ਸਰਪੰਚ ,ਇੰਦਰਜੀਤ ਸਿੰਘ ਲਹਿਰੀ ,ਸੰਦੀਪ ਅਰੋੜਾ ,ਸਰਬਜੀਤ ਸਿੰਘ ਭੀਮਾ ,ਦਰਸ਼ਨ ਸਿੰਘ ਸਾਬਕਾ ਸਰਪੰਚ ,ਡਾ ਹੰਸਾ ਸਿੰਘ,ਰਾਜੀਵ ਭੋਲਾ ,ਬੂਟਾ ਸਿੰਘ ਕਲ੍ਹੋ ,ਅੰਗਰੇਜ ਰੱਲਾ ,ਸਤਪਾਲ ਸਿੰਘ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਮਜੂਦ ਸਨ

## ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਨਾਂ ਤੇ ਫੇਸਬੁੱਕ ਤੇ ਜਾਅਲੀ ਅਕਾਊਂਟ, ਜਥੇਦਾਰ ਨੇ ਪ੍ਰਗਟਾਇਆ ਰੋਸ

ਅੰਮ੍ਰਿਤਸਰ- (ਲੋਕ ਬਾਣੀ) ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਨਾਂ ਤੇ ਫੇਸਬੁੱਕ ਤੇ ਜਾਅਲੀ ਅਕਾਊਂਟ ਬਣਾਇਆ ਗਿਆ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ਤੇ ਇਸ ਦੀ ਜਾਣਕਾਰੀ ਦਿੱਤੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਅਕਾਊਂਟ ਦੇ ਸਿਰਜਣਹਾਰ ਨੂੰ ਸਲਾਹ ਵੀ ਦਿੱਤੀ ਹੈ। ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਇਸ ਕਾਰਵਾਈ ਦਾ ਵਿਰੋਧ ਕੀਤਾ ਹੈ।

ਜਾਅਲੀ ਫੇਸਬੁੱਕ ਪੇਜ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਦੀ ਟੀਮ ਨੇ ਲਿਖਿਆ- ਅਜਿਹੀਆਂ ਘਟੀਆ ਅਤੇ ਘਿਨਾਉਣੀਆਂ ਹਰਕਤਾਂ ਕਿਸੇ ਵੀ ਸਿੱਖ ਦੇ ਦਿਮਾਗ ਵਿੱਚ ਕਦੇ ਨਹੀਂ ਆ ਸਕਦੀਆਂ। ਸਾਡਾ ਮੰਨਣਾ ਹੈ ਕਿ ਤੁਹਾਡੇ ਕੋਲ ਪੈਸਾ ਹੈ, ਇੱਕ ਪੂਰਾ ਨੈੱਟਵਰਕ ਸਿਸਟਮ ਹੈ ਅਤੇ ਕੁਝ ਚਾਪਲੂਸ ਵੀ ਹਨ। ਪਰ, ਇਸ ਹੱਦ ਤੱਕ ਡਿੱਗਣਾ ਨੈਤਿਕ ਤੌਰ ਤੇ ਘਟੀਆ ਹੋਣ ਦਾ ਸਬੂਤ ਹੈ।

ਗਿਆਨੀ ਹਰਪ੍ਰੀਤ ਸਿੰਘ ਦੇ ਨਾਂ ਤੇ ਇਕ ਫਰਜ਼ੀ ਪੇਜ ਬਣਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਵੱਲੋਂ ਵੱਖ-ਵੱਖ ਪੋਸਟਾਂ ਤੇ ਘਟੀਆ ਟਿੱਪਣੀਆਂ ਕੀਤੀਆਂ ਜਾ ਰਹੀਆਂ ਹਨ। ਟਾਈਟੈਨਿਕ ਸਮੁੰਦਰ ਵਿੱਚ ਇੰਨਾ ਹੇਠਾਂ ਨਹੀਂ ਡਿੱਗਿਆ ਜਿੰਨਾ ਤੁਸੀਂ ਕੀਤਾ ਸੀ। ਮੈਂ ਸਿਰਫ਼



ਇੰਨਾ ਹੀ ਕਹਾਂਗਾ ਕਿ ਗੁਰੂ ਜੀ ਦੀ ਪਿਆਰੀ ਸੰਗਤ ਨੂੰ ਬੇਨਤੀ ਹੈ ਕਿ ਉਹ ਅਜਿਹੇ ਜਾਅਲੀ ਖਾਤਿਆਂ ਤੋਂ ਸਾਵਧਾਨ ਰਹਿਣ।

# ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਹੱਕ ਵਿੱਚ ਨਿਤਰੀਆਂ ਸਿਹਤ ਵਿਭਾਗ ਦੀਆਂ ਜਥੇਬੰਦੀਆਂ- ਬਾਬਾ ਕੋਹਰੀ



ਫ਼ਗਵਾੜਾ (ਸੁਸ਼ੀਲ ਸ਼ਰਮਾ)- ਸਿਹਤ ਵਿਭਾਗ ਦੀਆਂ ਪ੍ਰਮੁੱਖ ਜਥੇਬੰਦੀਆਂ ਜਿਨ੍ਹਾਂ ਵਿੱਚ ਮੈਡੀਕਲ ਲੈਬਾਰਟਰੀ ਟੈਕਨੀਸ਼ੀਅਨ ਐਸੋਸੀਏਸ਼ਨ, ਮਲਟੀਪਰਪਜ ਹੈਲਥ ਸੁਪਰਵਾਈਜਰ ਯੂਨੀਅਨ, ਮਲਟੀਪਰਪਜ ਹੈਲਥ ਵਰਕਰ ਯੂਨੀਅਨ, ਏਐਨਐਮ ਐਲਐਚਵੀ ਯੂਨੀਅਨ, ਪੰਜਾਬ ਰਾਜ ਫਾਰਮੇਸੀ ਅਫਸਰ ਐਸੋਸੀਏਸ਼ਨ,ਪੈਰਾ ਮੈਡੀਕਲ ਅਤੇ ਹੈਲਥ ਇੰਪਲਾਈਜ ਐਸੋਸੀਏਸ਼ਨ ਸ਼ਾਮਲ ਹਨ। ਜਿਨ੍ਹਾਂ ਵੱਲੋਂ ਸੰਯੁਕਤ ਹੰਗਾਮੀ ਮੀਟਿੰਗ ਬਾਬਾ ਸ਼ਮਸ਼ੇਰ ਸਿੰਘ ਕੋਹਰੀ ਦੀ ਅਗਵਾਈ ਵਿੱਚ ਕਰਕੇ ਪੰਜਾਬ ਦੇ ਮੌਜੂਦਾ ਨਾਜ਼ੁਕ ਹਾਲਾਤਾਂ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਕਿਸਾਨ ਅਤੇ ਮਜ਼ਦੂਰ ਜਮਾਤ ਦੀ ਲੜਾਈ ਲੜਨ ਵਾਲੇ ਤੇ ਮਰਨ ਵਰਤ ਉੱਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਸੰਘਰਸ਼ ਦੀ ਨੈਤਿਕ ਹਿਮਾਇਤ ਕੀਤੀ ਜਾਵੇ। ਹਾਜ਼ਰ ਮੈਂਬਰਾਂ ਨੇ ਪ੍ਰੋੜਤਾ ਕਰਦਿਆਂ ਇਹ ਫੈਸਲਾ ਕੀਤਾ ਕਿ 20 ਦਿਸੰਬਰ ਸ਼ੁਕਰਵਾਰ ਨੂੰ ਸਿਵਲ ਸਰਜਨ ਦਫ਼ਤਰ ਅੰਮ੍ਰਿਤਸਰ ਵਿਖੇ ਸਾਰੀਆਂ ਜਥੇਬੰਦੀਆਂ ਦੇ ਨੁਮਾਇੰਦੇ ਇੱਕ ਦਿਨ ਦੀ ਭੁੱਖ ਹੜਤਾਲ ਕਰਕੇ ਉਹਨਾਂ ਦੀ ਤੰਦਰੁਸਤੀ ਦੀ ਕਾਮਨਾ ਕਰਨਗੇ ਅਤੇ ਸੰਘਰਸ਼ ਦੀ ਹਿਮਾਇਤ ਕਰਨਗੇ,ਇਸ ਸਮੇਂ ਹਾਜ਼ਰ ਆਗੂਆਂ ਬਾਬਾ ਮਲਕੀਅਤ ਸਿੰਘ ਭੱਟੀ, ਗੁਰਦੇਵ ਸਿੰਘ ਢਿੱਲੋਂ, ਪਰਮਜੀਤ ਸਿੰਘ ਸੰਘਾ, ਬਲਦੇਵ ਸਿੰਘ ਝੰਡੇਰ, ਅਸ਼ੋਕ ਕੁਮਾਰ ਸ਼ਰਮਾ, ਤ੍ਰਿਪਤਾ ਸ਼ਰਮਾ,ਜਗਤਬੀਰ ਸਿੰਘ ਢਿੱਲੋਂ,ਜਸਮੇਲ ਸਿੰਘ ਵੱਲਾ, ਸੁਖਵੰਤ ਸਿੰਘ ਸੰਧੂ, ਨੂੰ ਹਰਕਮਲ ਸਿੰਘ ਸੈਣੀ, ਸੁਖਦੇਵ ਸਿੰਘ ਭੁੱਲਰ, ਹਰਵਿੰਦਰ ਸਿੰਘ ਬੱਲ, ਸੰਜੀਵ ਕੁਮਾਰ, ਰਣਜੋਧ ਸਿੰਘ ਸੰਘਾ, ਪਲਵਿੰਦਰ ਸਿੰਘ ਧੰਮੂ, ਗੁਰਦੇਵ ਸਿੰਘ ਬੱਲ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀ ਕਿਸਾਨ, ਮਜ਼ਦੂਰ ਅਤੇ ਮੁਲਾਜ਼ਮ ਵਿਰੋਧੀ ਨੀਤੀ ਦੀ ਨਿੰਦਾ ਕਰਦਿਆਂ ਚਿਤਾਵਨੀ ਦਿੱਤੀ ਕਿ ਇਸ ਨੂੰ ਹਲਕੇ ਵਿੱਚ ਲੈਣਾ ਇਹਨਾਂ ਸਰਕਾਰਾਂ ਲਈ ਭਾਰੀ ਪਵੇਗਾ।

# ਮਲਕੀਅਤ ਸਿੰਘ ਰਘਬੋਤਰਾ ਦੀ ਅਗਵਾਈ 'ਚ ਚਲਾਈ ਮਹੀਨਾਵਾਰ ਸਫ਼ਾਈ ਮੁਹਿੰਮ



ਫਗਵਾੜਾ (ਸੁਸ਼ੀਲ ਸ਼ਰਮਾ ) ਫਗਵਾੜਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਅਗਵਾਈ ਹੇਠ ਸ਼ਹਿਰ ਦੇ ਵਾਰਡ ਨੰਬਰ 37 ਵਿੱਚ ਮਾਸਿਕ ਸਫਾਈ ਮੁਹਿਮ ਚਲਾਈ ਗਈ। ਇਸ ਦੌਰਾਨ ਕਾਰਪੋਰੇਸ਼ਨ ਫਗਵਾੜਾ ਦੇ ਸਫ਼ਾਈ ਕਰਮਚਾਰੀਆਂ ਦੇ ਸਹਿਯੋਗ ਨਾਲ ਮੁਹੱਲਾ ਪ੍ਰੇਮ ਨਗਰ, ਮਾਸਟਰ ਸਾਧੂ ਰਾਮ ਨਗਰ, ਗੁਰੂ ਨਾਨਕਪੁਰਾ ਅਤੇ ਖੇੜਾ ਰੋਡ ਵਿਖੇ ਗਲੀਆਂ-ਨਾਲੀਆਂ ਦੀ ਸਫ਼ਾਈ ਕੀਤੀ ਗਈ। ਨਿਗਮ ਫਗਵਾੜਾ ਦੇ ਕਰਮਚਾਰੀਆਂ ਸਮੇਤ ਪ੍ਰੇਮ ਨਗਰ ਸੇਵਾ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਸਕੱਤਰ ਸੁਰਿੰਦਰ ਪਾਲ ਸਮੇਤ ਮੁਹੱਲਾ ਨਿਵਾਸੀਆਂ ਨੇ ਸਫਾਈ ਮੁਹਿੰਮ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਇਆ। ਰਘਬੋਤਰਾ ਨੇ ਸਮੂਹ ਵਾਰਡ ਵਾਸੀਆਂ ਨੂੰ ਇਸ ਮਹੀਨਾਵਾਰ ਸਵੱਛਤਾ ਮੁਹਿਮ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ ਅਤੇ ਕਿਹਾ ਕਿ ਆਲਾ-ਦੁਆਲਾ ਸਾਫ ਰਹਿਣ ਨਾਲ ਸਿਹਤ ਵੀ ਚੰਗੀ ਰਹਿੰਦੀ ਹੈ। ਇਸ ਲਈ ਸਾਨੂੰ ਆਪਣੇ ਘਰਾਂ ਤੇ ਆਲੇ-ਦੁਆਲੇ ਨੂੰ ਸਵੱਛ ਰੱਖਣਾ ਚਾਹੀਦਾ ਹੈ। ਉਹਨਾਂ ਅੱਜ ਦੀ ਮੁਹਿਮ ਸਫਲ ਬਨਾਉਣ ਲਈ ਮੁਹੱਲਾ ਨਿਵਾਸੀਆਂ, ਸਫਾਈ ਸੇਵਕਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਵਾਰਡ ਦੇ ਪਤਵੰਤੇ ਵੱਡੀ ਗਿਣਤੀ ਵਿਚ ਹਾਜਰ ਸਨ।

# ਪੰਜਾਬੀ ਸੱਥ ਲਾਂਬੜਾ ਵਲੋਂ ਆਪਣੇ 25 ਵਰ੍ਹੇ ਪੂਰੇ ਹੋਣ ਤੇ 25 ਸਖਸ਼ੀਅਤਾਂ ਦਾ ਕੀਤਾ ਗਿਆ ਸਨਮਾਨ





ਫਗਵਾੜਾ, ( ਸੁਸ਼ੀਲ ਸ਼ਰਮਾ ) ਇਕਜੁੱਟ ਪੰਜਾਬ ਦੀ ਵਿਰਾਸਤ ਤੇ ਸਭਿਆਚਾਰ ਦੀ ਸੇਵਾ ਵਿਚ ਸੰਜੀਦਗੀ ਨਾਲ ਜੁਟੀ ਸੰਸਥਾ 'ਪੰਜਾਬੀ ਸੱਥ' ਵੱਲੋਂ ਡਾ. ਨਿਰਮਲ ਸਿੰਘ ਜੀ ਦੀ ਰਹਿਨੁਮਾਈ ਹੇਠ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਪ੍ਰਧਾਨਗੀ ਹੇਠ ਖਾਲਸਾ ਸਕੂਲ ਲਾਂਬੜਾ ਵਿਖੇ ਪੰਜਾਬੀ ਸੱਥ ਦੀ 25ਵੀਂ ਵਰ੍ਹੇਵਾਰ ਪਰ੍ਹਿਆ ਵਿਚ 25 ਆਦਰਯੋਗ ਸਖ਼ਸ਼ੀਅਤਾਂ ਦਾ ਸਨਮਾਨ ਕੀਤਾ ਗਿਆ। ਡਾ. ਰਤਨ ਸਿੰਘ ਜੱਗੀ ਨੂੰ ਭਾਈ ਵੀਰ ਸਿੰਘ, ਡਾ. ਜੰਗ ਬਹਾਦਰ ਗੋਇਲ ਨੂੰ ਨਾਨਕ ਸਿੰਘ ਨਾਵਲਕਾਰ, ਦਰਸ਼ਨ ਲਾਲ ਕੰਬੋਜ ਉਰਫ ਬਿੱਟੂ ਲਹਿਰੀ ਨੂੰ ਪ੍ਰਿੰ. ਤਰਲੋਚਨ ਸਿੰਘ ਭਾਟੀਆ, ਡਾ. ਪੰਡਿਤ ਰਾਓ ਧਰੇਨਵਰ ਨੂੰ ਭਾਈ ਨੰਦ ਲਾਲ ਗੋਇਆ, ਗੁਰਮੀਤ ਸਿੰਘ ਪਲਾਹੀ ਨੂੰ ਗੁਰਬਖ਼ਸ਼ ਸਿੰਘ ਪ੍ਰੀਤਲੜੀ, ਜਨਾਬ ਨੂਰ ਮੁਹੰਮਦ ਨੂਰ ਨੂੰ ਜਨਾਬ ਅੱਲਾ ਯਾਰ ਖਾਂ ਜੋਗੀ, ਡਾ. ਬੀਬੀ ਇਕਬਾਲ ਕੌਰ ਸੌਂਦ ਨੂੰ ਬੀਬੀ ਅਫ਼ਜ਼ਲ ਤੌਸੀਫ਼, ਗੁਰਚਰਨ ਸਿੰਘ ਨੂਰਪੁਰ ਨੂੰ ਸਾਧੂ ਦਇਆ ਸਿੰਘ ਆਰਫ਼, ਕਮਾਂਡੋਰ ਗੁਰਨਾਮ ਸਿੰਘ ਨੂੰ ਐਸ. ਐਸ. ਚਰਨ ਸਿੰਘ ਸ਼ਹੀਦ, ਬੀਬੀ ਨਸੀਬ ਕੌਰ ਉਦਾਸੀ ਨੂੰ ਬੀਬੀ ਦੀਪ ਕੌਰ ਤਲਵਣ, ਹਰਭਜਨ ਸਿੰਘ ਬਾਜਵਾ ਨੂੰ ਸੋਭਾ ਸਿੰਘ-ਚਿਤਰਕਾਰ, ਕਿਰਪਾਲ ਕਜ਼ਾਕ ਨੂੰ ਕੁਲਵੰਤ ਸਿੰਘ ਵਿਰਕ, ਰਾਜ ਕੁਮਾਰ ਸ਼ਰਮਾ ਨੂੰ ਸਰੂਪ ਸਿੰਘ ਅਲੱਗ, ਆਸ਼ੀ ਈਸਪੁਰੀ ਨੂੰ ਨੰਦ ਲਾਲ ਨੂਰਪੁਰੀ, ਸੁਰਿੰਦਰ ਕੌਰ ਨੀਰ ਨੂੰ ਅਜੀਤ ਕੌਰ, ਢਾਡੀ ਮੇਜਰ ਸਿੰਘ ਖਾਲਸਾ ਨੂੰ ਗਿਆਨੀ ਸੋਹਣ ਸਿੰਘ ਸੀਤਲ, ਤਰਸੇਮ ਚੰਦ ਭੋਲਾ ਕਲਹਿਰੀ ਨੂੰ ਮਹਿੰਦਰ ਸਿੰਘ ਰੰਧਾਵਾ, ਕਵੀਸ਼ਰ ਹਰਦੇਵ ਸਿੰਘ ਲਾਲ ਬਾਈ ਨੂੰ ਜਨਾਬ ਬਾਬੂ ਰਜਬ ਅਲੀ, ਡਾ. ਰਾਮ ਮੂਰਤੀ ਨੂੰ ਲਾਲਾ ਧਨੀ ਰਾਮ ਚਾਤ੍ਰਿਕ, ਸਵਰਨ ਸਿੰਘ ਟਹਿਣਾ ਨੂੰ ਗੁਰਨਾਮ ਸਿੰਘ ਤੀਰ, ਨਬੀਲਾ ਰਹਿਮਾਨ ਨੂੰ ਦਲੀਪ ਕੌਰ ਟਿਵਾਣਾ, ਨਿੰਦਰ ਘੁਗਿਆਣਵੀ ਨੂੰ ਦਵਿੰਦਰ ਸਤਿਆਰਥੀ, ਵੀਰਪਾਲ ਕੌਰ/ ਪਵਨਦੀਪ ਕੌਰ ਨੂੰ ਸੁਰਿੰਦਰ ਕੌਰ / ਪ੍ਰਕਾਸ਼ ਕੌਰ, ਜਨਾਬ ਨਾਸਿਰ ਢਿੱਲੋਂ ਨੂੰ ਜਨਾਬ ਅਫਜ਼ਲ ਅਹਿਸਨ ਰੰਧਾਵਾ, ਗੁਰਪ੍ਰੀਤ ਸਿੰਘ ਮਿੱਟੂ ਨੂੰ ਭਗਤ ਪੂਰਨ ਸਿੰਘ ਐਵਾਰਡ ਨਾਲ ਨਿਵਾਜਿਆ ਗਿਆ।

ਯੂਰਪੀ ਪੰਜਾਬੀ ਸੱਥ ਸੰਚਾਲਨ ਮੋਤਾ ਸਿੰਘ ਸਰਾਏ ਨੇ ਦੱਸਿਆ ਕਿ ਜਿਹੜੀਆਂ ਸਖ਼ਸ਼ੀਅਤਾਂ ਸਮਾਗਮ ਵਿੱਚ ਨਹੀਂ ਪੁੱਜ ਸਕੀਆਂ, ਉਹਨਾ ਨੂੰ ਉਹਨਾ ਦੇ ਘਰਾਂ ਚ ਜਾ ਕੇ ਪੁਰਸਕਾਰਤ ਕੀਤਾ ਜਾਵੇਗਾ।ਉਹਨਾ ਨੇ ਕਿਹਾ ਕਿ ਇਹਨਾਂ ਸ਼ਖਸ਼ੀਅਤਾਂ ਦਾ ਸਾਡੀ ਮਾਂ ਬੋਲੀ ਵਿਰਾਸਤ ਤੇ ਸਭਿਆਚਾਰ ਦੇ ਖੇਤਰਾਂ ਵਿਚ ਵਡਮੁੱਲਾ ਯੋਗਦਾਨ ਹੈ। ਮੋਤਾ ਸਿੰਘ ਸਰਾਏ ਨੇ ਆਪਣੇ ਭਾਵਪੂਰਨ ਭਾਸ਼ਨ ਚ ਪੰਜਾਬੀ ਭਾਸ਼ਾ ਲਈ ਕਮਮ ਕਰਨ ਵਾਲੀਆਂ ਸਖ਼ਸ਼ੀਅਤਾਂ, ਲੇਖਕਾਂ ਦੀ ਪ੍ਰਸੰਸਾ ਕੀਤੀ ਅਤੇ ਕਿਹਾ ਕਿ ਉਹ ਵਿਦੇਸ਼ਾਂ ਦੀ ਧਰਤੀ ਤੇ ਵਸੇ ਹੋਏ ਹਨ, ਪਰ ਪੰਜਾਬ, ਪੰਜਾਬੀ ਨਾਲ ਮੋਹ ਸਦਕਾ, ਉਹ ਆਪਣੇ ਸਿਰ ਚੜ੍ਹਿਆ ਕਰਜ਼ ਉਤਾਰਨ ਲਈ ਪੰਜਾਬ ਆਉਂਦੇ ਹਨ ਤੇ ਲੇਖਕਾਂ, ਬੁੱਧੀਜੀਵੀਆਂ ਨਾਲ ਸੰਵਾਦ ਰਚਾਉਂਦੇ ਹਨ। ਇਸ ਮੌਕੇ ਬੋਲਦਿਆਂ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਹਰ ਸਖ਼ਸ਼ ਨੂੰ ਨਿੱਜੀ ਪੱਧਰ ਤੇ ਯਤਨ ਕਰਨ ਲਈ ਪ੍ਰੇਰਿਆ।

ਸਮਾਗਮ ਦੌਰਾਨ ਸਨਮਾਨ ਵਿਚ ਹਰ ਇਕ ਹਸਤੀ ਨੂੰ 25000/- ਰੁਪਏ ਸਨਮਾਨ ਚਿੰਨ, ਦਸਤਾਰ/ ਫੁਲਕਾਰੀ, ਪੰਜਾਬੀ ਸੱਥਾਂ ਵਲੋਂ ਛਪੀਆਂ ਕਿਤਾਬਾਂ ਦੇ ਨਾਲ 25 ਸਨਮਾਨਿਤ ਹਸਤੀਆਂ ਬਾਰੇ ਜਾਣਕਾਰੀ ਵਾਲੇ ਕਿਤਾਬਚੇ ਦੀ ਮੁੱਖ ਦਿਖਾਈ ਕਰਕੇ ਭੇਟ ਕੀਤੀ ਗਈ। ਇਸ ਸਮੇਂ ਕੋਮਲ ਸਿੰਘ ਸੰਧੂ ਅਤੇ ਬਲਜਿੰਦਰ ਰਾਣੀ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਸਨਮਾਨਿਤ ਸਖ਼ਸ਼ੀਅਤਾਂ ਵਲੋਂ ਪ੍ਰਿੰ: ਗੁਰਮੀਤ ਸਿੰਘ ਪਲਾਹੀ ਨੇ ਪੰਜਾਬੀ ਸੱਥ ਲਾਂਬੜਾ ਵਲੋਂ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਕੀਤੇ ਜਾ ਰਹੇ ਵੱਡੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਸੰਸਥਾ ਨੇ 25 ਵਰ੍ਹਿਆਂ ਵਿੱਚ ਵੱਡੀ ਗਿਣਤੀ ਵਿੱਚ ਲੇਖਕਾਂ ਦੀਆਂ ਪੁਸਤਕਾਂ ਛਾਪੀਆਂ ਹਨ ਅਤੇ ਪੰਜਾਬੀ ਪ੍ਰੇਮੀਆਂ ਦੀਆਂ ਬੂਹਾਂ ਤੇ ਪਹੁੰਚਦੀਆਂ ਕੀਤੀਆਂ ਹਨ। ਉਹਨਾ ਇਹ ਵੀ ਕਿਹਾ ਕਿ ਇਸ ਸੰਸਥਾ ਦੇ ਸੰਚਾਲਕ ਡਾ: ਨਿਰਮਲ ਸਿੰਘ ਅਤੇ ਮੋਤਾ ਸਿੰਘ ਸਰਾਏ ਪੰਜਾਬੀ ਭਾਸ਼ਾ ਅਤ ਸਭਿਆਚਾਰ ਲਈ ਬੇਜੋੜ ਉੱਦਮ ਉਪਰਾਲਾ ਕਰ ਰਹੇ ਹਨ।

ਸਟੇਜ ਦਾ ਸੰਚਾਲਨ ਪ੍ਰਿੰ. ਕੁਲਵਿੰਦਰ ਸਿੰਘ ਸਰਾਏ ਨੇ ਕੀਤਾ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਾਹਿਤ ਪ੍ਰੇਮੀਆਂ ਵਿੱਚ ਡਾ: ਸਵਰਾਜ ਸਿੰਘ, ਡਾ.ਆਸਾ ਸਿੰਘ ਘੁੰਮਣ, ਚੇਤਨ ਸਿੰਘ, ਕਮਲੇਸ਼ ਸੰਧੂ, ਪਰਵਿੰਦਰਜੀਤ ਸਿੰਘ ਅਤੇ ਹੋਰ ਬਹੁਤ ਸਾਰੇ ਲੇਖਕ ਹਾਜ਼ਰ ਸਨ। ਇਸ ਸਮਾਗਮ ਵਿੱਚ ਖ਼ਾਲਸਾ ਸਕੂਲ ਦੇ ਅਧਿਆਪਕ, ਵਿਦਿਆਰਥੀ, ਪ੍ਰਬੰਧਕ ਕਮੇਟੀ ਮੈਂਬਰ ਪੰਜਾਬੀ ਸੱਥ ਲਾਂਬੜਾ ਦੇ ਪ੍ਰਧਾਨ ਬਲਦੇਵ ਸਿੰਘ ਦੀ ਅਗਵਾਈ ਵਿੱਚ ਸ਼ਾਮਲ ਹੋਏ।


# ਭਾਜਪਾ ਨੇ ਅਮਰੀਕ ਸਿੰਘ ਟਿੱਬੀ ਤੇ ਰਾਮ ਚੰਦਰ ਸਿੰਘ ਸਮੇਤ 9 ਆਗੂਆਂ ਨੂੰ ਪਾਰਟੀ ਵਿਚੋਂ ਕੱਢਿਆ




ਫਗਵਾੜਾ ( ਸੁਸ਼ੀਲ ਸ਼ਰਮਾ ) ਭਾਰਤੀ ਜਨਤਾ ਪਾਰਟੀ ਪੰਜਾਬ ਦੇ ਇੰਚਾਰਜ ਵਿਜੇ ਰੁਪਾਣੀ, ਸਹਿ ਪ੍ਰਭਾਰੀ ਨਰਿੰਦਰ ਰੈਨਾ ਅਤੇ ਜਿਲ੍ਹਾ ਭਾਜਪਾ ਕੋਰ ਕਮੇਟੀ ਦੇ ਸੀਨੀਅਰ ਆਗੂਆਂ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਭਾਜਪਾ ਜਿਲ੍ਹਾ ਕਪੂਰਥਲਾ ਦੇ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ ਨੇ ਫਗਵਾੜਾ ਦੇ ਵਾਰਡ ਨੰਬਰ 35 ਦੇ ਭਾਜਪਾ ਆਗੂ ਅਮਰੀਕ ਸਿੰਘ ਟਿੱਬੀ ਸਮੇਤ 9 ਆਗੂਆਂ ਨੂੰ ਪਾਰਟੀ ਵਿਚੋਂ ਕੱਢ ਦਿੱਤਾ ਹੈ। ਜਿਲ੍ਹਾ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ ਵਲੋਂ ਜਾਰੀ ਪ੍ਰੈਸ ਬਿਆਨ ਮੁਤਾਬਕ ਅਮਰੀਕ ਸਿੰਘ ਟਿੱਬੀ ਤੋਂ ਇਲਾਵਾ ਇਸੇ ਵਾਰਡ ਦੇ ਰਮਨਦੀਪ ਸੈਣੀ, ਗੋਲਡੀ ਪਾਹਵਾ, ਵਾਰਡ ਨੰ. 31 ਤੋਂ ਸਤਿੰਦਰ ਰਾਏ, ਰਾਮ ਚੰਦਰ ਸਿੰਘ, ਅਨੀਤਾ ਪਤਨੀ ਜਤਿੰਦਰ ਕੁਮਾਰ, ਵਰਿੰਦਰ ਬਾਹਰੀ, ਸੁਨਿਤਾ ਰਾਣੀ ਜਦਕਿ ਵਾਰਡ ਨੰਬਰ 3 ਤੋਂ ਨੌਜਵਾਨ ਭਾਜਪਾ ਆਗੂ ਮਿਤੁਲ ਸੁਧੀਰ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਕਾਰਨ 6 ਸਾਲ ਲਈ ਪਾਰਟੀ ਵਿਚੋਂ ਬਾਹਰ ਕੱਢਣ ਦਾ ਫੈਸਲਾ ਲਿਆ ਗਿਆ ਹੈ। ਇੱਥੇ ਜਿਕਰਯੋਗ ਹੈ ਕਿ ਜਿੱਥੇ ਅਮਰੀਕ ਸਿੰਘ ਟਿੱਬੀ ਅਤੇ ਰਾਮ ਚੰਦਰ ਸਿੰਘ ਫਗਵਾੜਾ ਭਾਜਪਾ ਦੇ ਸੀਨੀਅਰ ਆਗੂ ਸਨ, ਉੱਥੇ ਹੀ ਮਿਤੁਲ ਸੁਧੀਰ ਬੀਤੇ ਦਿਨੀਂ ਆਪ ਪਾਰਟੀ ਵਿਚ ਸ਼ਾਮਲ ਹੋ ਗਏ ਸੀ ਤੇ ਅਨੀਤਾ ਪਤਨੀ ਜਤਿੰਦਰ ਕੁਮਾਰ ਵਾਰਡ ਨੰਬਰ 31 ਤੋਂ ਆਜਾਦ ਉਮੀਦਵਾਰ ਵਜੋਂ ਚੋਣ ਮੈਦਾਨ ਵਿਚ ਹੈ।

# ਨੈੱਟਵਰਕ18 ਨੇ ਗ੍ਰੀਨ ਭਾਰਤ ਕਨਕਲੇਵ ਦੇ ਪਹਿਲੇ ਸੰਸਕਰਨ ਨਾਲ ਭਾਰਤ ਦੇ ਗ੍ਰੀਨ ਮੋਬੀਲਿਟੀ ਸਫਰ ਨੂੰ ਰ.ਫਤਾਰ ਦਿੱਤੀ

ਚੰਡੀਗੜ੍ਹ : (ਲੋਕ ਬਾਣੀ) ਭਾਰਤ ਦੇ ਪ੍ਰਮੁੱਖ ਮੀਡੀਆ ਸਮੂਹ ਨੈੱਟਵਰਕ 18 ਨੇ ਭਾਰਤ ਦੀ ਸਭ ਤੋਂ ਵੱਡੀ ਪਿਓਰ-ਪਲੇ ਇਲੈਕਟ੍ਰਿਕ ਵ੍ਹੀਕਲ (ਈਵੀ ) ਕੰਪਨੀ ਓਲਾ ਇਲੈਕਟ੍ਰਿਕ ਦੇ ਸਹਿਯੋਗ ਨਾਲ ਸਾਲਾਨਾ ਸੰਮੇਲਨ, ਗ੍ਰੀਨ ਭਾਰਤ ਦੇ ਉਦਘਾਟਨੀ ਸੰਸਕਰਨ ਦਾ ਸਮਾਪਨ ਕੀਤਾ। ਇਵੈਂਟ ਦਾ ਉਦੇਸ਼ ਈਵੀਸ ਦੇ ਆਰਥਿਕ, ਵਾਤਾਵਰਣਕ ਅਤੇ ਸਮਾਜਕ ਫਾਇਦਿਆਂ ਤੇ ਜ਼ੋਰ ਦਿੰਦਿਆਂ ਉਨ੍ਹਾਂ ਨੂੰ ਵੱਡੇ ਪੱਧਰ ਤੇ ਅਪਨਾਉਣ ਵਿੱਚ ਰੁਕਾਵਟ ਬਣ ਰਹੀਆਂ ਪ੍ਰਮੁੱਖ ਚੁਣੌਤੀਆਂ ਨਾਲ ਨਜਿੱਠਦੇ ਹੋਏ ਭਾਰਤ ਦੀ ਟਿਕਾਊ ਗਤੀਸ਼ੀਲਤਾ ਦੇ ਬਦਲਾਅ ਦੀ ਕਹਾਣੀ ਨੂੰ ਰੂਪ ਦੇਣਾ ਸੀ।ਇਹ ਇਤਿਹਾਸਕ ਆਯੋਜਨ ਭਾਰਤ ਵਿੱਚ ਇਲੈਕਟ੍ਰਿਕ ਮੋਬੀਲਿਟੀ ਦੇ ਦੇ ਭਵਿੱਖ ਦੇ ਲਈ ਇੱਕ ਏਕੀਕ੍ਰਿਤ ਰੋਡਮੈਪ ਤਿਆਰ ਕਰਨ ਲਈ ਨੀਤੀ ਨਿਰਮਾਤਾਵਾਂ, ਨਿਰਮਾਤਾਵਾਂ, ਉਦਯੋਗ ਦੇ ਮੋਢੀਆਂ ਅਤੇ ਸਥਿਰਤਾ ਦੇ ਸਮਰਥਕਾਂ ਨੂੰ ਇੱਕ ਮੰਚ ਤੇ ਲੈ ਕੇ ਆਇਆ। ਮਾਣਯੋਗ ਮਹਿਮਾਨਾਂ ਕੇਂਦਰੀ ਸੜਕੀ ਆਵਾਜਾਈ ਅਤੇ ਰਾਜਮਾਰਗ ਮੰਤਰੀ ਸ਼੍ਰੀ ਨਿਤਿਨ ਗਡਕਰੀ ਅਤੇ ਕੇਂਦਰੀ ਵਣਜ ਅਤੇ ਉਦਯੋਗ ਮੰਤਰੀ ਸ਼੍ਰੀ ਪੀਯੂਸ਼ ਗੋਇਲ ਸਮੇਤ ਪ੍ਰਮੁੱਖ ਮਹਿਮਾਨਾਂ ਨੇ ਕਨਕਲੇਵ ਵਿੱਚ ਸ਼ਿਰਕਤ ਕਰਕੇ ਮਾਣ ਬਖਸ਼ਿਆ।ਇਸ ਸਮਾਗਮ ਵਿੱਚ ਬੋਲਦੇ ਹੋਏ, ਸ਼੍ਰੀ ਨਿਤਿਨ ਗਡਕਰੀ ਨੇ ਜ਼ੋਰ ਦਿੱਤਾ, ਬੀਤੇ ਕੁਝ ਸਾਲਾਂ ਵਿੱਚ, ਅਸੀਂ ਗ੍ਰੀਨ ਮੋਬੀਲਿਟੀ ਦੇ ਖੇਤਰ ਵਿੱਚ ਅਦੁੱਤੀ




ਤਰੱਕੀ ਹਾਸਲ ਕੀਤੀ ਹੈ। ਭਾਰਤ ਦੇ ਟਿਕਾਊ ਭਵਿੱਖ ਲਈ ਸਾਡੇ ਮਾਣਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਅਭਿਲਾਸ਼ੀ ਦ੍ਰਿਸ਼ਟੀਕੋਣ ਨੇ ਸਾਨੂੰ ਸਹੀ ਰਾਹ ਤੇ ਤੋਰਿਆ ਹੈ ਅਤੇ ਅਸਲ ਵਿੱਚ ਅਸਮਾਨ ਹੀ ਸੀਮਾ ਹੈ। ਗਿਆਨ ਅਤੇ ਦੌਲਤ ਦੇ ਮੌਜੂਦਾ ਵਾਤਾਵਰਣ ਪ੍ਰਣਾਲੀ ਦੇ ਨਾਲ-ਨਾਲ, ਖੋਜ ਅਤੇ ਨਵੀਨਤਾ ਨੂੰ ਅੱਗੇ ਵਧਾਉਣ ਵਾਲੇ ਨੌਜਵਾਨ ਦਿਮਾਗਾਂ ਦੀ ਵੱਧਦੀ ਗਿਣਤੀ ਦੇ ਨਾਲ, ਮੈਨੂੰ ਭਰੋਸਾ ਹੈ ਕਿ ਭਾਰਤ ਅਗਲੇ ਪੰਜ ਸਾਲਾਂ ਵਿੱਚ ਸਭ ਤੋਂ ਵੱਡਾ ਈਵੀ ਨਿਰਮਾਣ ਕੇਂਦਰ ਬਣ ਜਾਵੇਗਾ।ਸ਼੍ਰੀ ਪੀਯੂਸ਼ ਗੋਇਲ ਨੇ ਇਸ ਭਾਵਨਾ ਨੂੰ ਦੁਹਰਾਉਂਦਿਆਂ ਕਿਹਾ, ਭਾਰਤ ਦੀ ਗ੍ਰੀਨ ਮੋਬੀਲਿਟੀ ਕ੍ਰਾਂਤੀ ਚੰਗੀ ਤਰ੍ਹਾਂ ਚੱਲ ਰਹੀ ਹੈ, ਜੋ ਐਫਏਐਮਈ 9 ਅਤੇ 99 ਵਰਗੀਆਂ ਪਰਿਵਰਤਨਸ਼ੀਲ ਪਹਿਲਕਦਮੀਆਂ ਤੋਂ ਪ੍ਰੇਰਿਤ ਹੈ ਅਤੇ ਈਵੀ ਉਦਯੋਗ ਨੂੰ ਸਵੈ-ਨਿਰਭਰਤਾ ਪ੍ਰਾਪਤ ਕਰਨ ਅਤੇ ਆਪਣੇ ਆਪ ਨੂੰ ਇੱਕ ਗਲੋਬਲ ਮੈਨੂਫੈਕਚਰਿੰਗ ਹੱਬ ਵਜੋਂ ਸਥਾਪਿਤ ਕਰਨ ਲਈ ਤਾਕਤਵਰ ਬਣਾਉਂਦੀ ਹੈ। ਦੁਨੀਆ ਦੇ ਸਭ ਤੋਂ ਵੱਡੇ ਪਹਿਲੀ ਵਾਰ ਵਾਹਨ ਬਾਜ਼ਾਰਾਂ ਵਿੱਚੋਂ ਇੱਕ ਹੋਣ ਦੇ ਨਾਤੇ, ਭਾਰਤ ਕੋਲ ਈਵੀ ਟ੍ਰਾਂਜਿਸ਼ਨ ਦੀ ਅਗਵਾਈ ਕਰਨ ਦਾ ਇੱਕ ਵਿਲੱਖਣ ਮੌਕਾ ਹੈ। ਸਰਕਾਰ ਨਵੀਨਤਾ ਨੂੰ ਉਤਸ਼ਾਹਿਤ ਕਰਨ, ਮਜਬੂਤ ਬੁਨਿਆਦੀ ਢਾਂਚੇ ਦਾ ਨਿਰਮਾਣ ਕਰਨ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਜੋ ਹਰ ਨੀਤੀਗਤ ਫੈਸਲੇ ਦੇ ਕੇਂਦਰ ਵਿੱਚ ਹੈ। ਮਿਸ਼ਨ ਲਾਈਫ ਅਤੇ ਗ੍ਰੀਨ ਐਨਰਜੀ ਤੇ ਸਮੂਹਿਕ ਫੋਕਸ ਰਾਹੀਂ, ਅਸੀਂ ਇੱਕ ਸਾਫ਼, ਹਰਿਆਲੀ ਭਰਪੂਰ ਅਤੇ ਵਧੇਰੇ ਸਵੈ-ਨਿਰਭਰ ਭਵਿੱਖ ਵੱਲ ਵਧ ਰਹੇ ਹਾਂ।ਇਵੈਂਟ ਦੀ ਕਾਮਯਾਬੀ ਤੇ ਟਿੱਪਣੀ ਕਰਦੇ ਹੋਏ, ਨੈੱਟਵਰਕ 18 (ਬ੍ਰਾਡਕਾਸਟ) ਦੇ ਚੀਫ ਐਗਜ਼ੀਕਿਊਟਿਵ ਅਫਸਰ ਅਤੇ ਏਈਟੀਐਨ18 ਦੇ ਮੈਨੇਜਿੰਗ ਡਾਇਰੈਕਟਰ ਅਵਿਨਾਸ਼ ਕੌਲ ਨੇ ਕਿਹਾ, ਭਾਰਤ ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਟਿਕਾਊ ਅਤੇ ਸਵੈ-ਨਿਰਭਰ ਭਵਿੱਖ ਲਈ ਦ੍ਰਿਸ਼ਟੀਕੋਣ ਅਤੇ ਅਭਿਲਾਸ਼ਾ ਰਾਹੀਂ ਸੰਚਾਲਿਤ ਮੋਬੀਲਿਟੀ ਵਿੱਚ ਪਰਿਵਰਤਨਸ਼ੀਲ ਤਬਦੀਲੀ ਦੀ ਦਹਿਲੀਜ਼ ਤੇ ਖੜ੍ਹਾ ਹੈ। ਗ੍ਰੀਨ ਭਾਰਤ ਪਲੇਟਫਾਰਮ ਨੇ ਸਾਡੇ ਦੇਸ਼ ਦੇ ਇਤਿਹਾਸ ਦੇ ਇਸ ਮਹੱਤਵਪੂਰਨ ਪਲ ਦੇ ਬਿਰਤਾਂਤ ਨੂੰ ਰੂਪ ਦੇਣ ਲਈ ਦੂਰਦਰਸ਼ੀ, ਨਵੀਨਤਾਵਾਂ ਲਿਆਉਣ ਵਾਲਿਆਂ ਅਤੇ ਨੀਤੀ ਨਿਰਮਾਤਾਵਾਂ ਨੂੰ ਇਕੱਠੇ ਕੀਤਾ ਹੈ। ਇਹ ਇਵੈਂਟ ਸਿਰ.ਫ ਵਿਚਾਰ-ਵਟਾਂਦਰੇ ਤੋਂ ਵੱਧ ਸੀ- ਇਹ ਭਾਰਤ ਅਤੇ ਵਿਸ਼ਵ ਪੱਧਰ ਤੇ ਈਵੀ ਨੂੰ ਅਪਨਾਉਣ ਵਿੱਚ ਤੇਜ਼ੀ ਲਿਆਉਣ, ਚੁਣੌਤੀਆਂ ਤੇ ਕਾਬੂ ਪਾਉਣ ਅਤੇ ਇੱਕ ਮਜ਼ਬੂਤ ਈਕੋਸਿਸਟਮ ਸਿਰਜਣ ਲਈ ਇੱਕ ਸਮੂਹਕ ਰਾਹ ਬਣਾਉਣ ਲਈ ਦਿਮਾਗਾਂ ਨੂੰ ਇਕੱਠੇ ਲਿਆਉਣਾ ਸੀ। ਇੱਥੇ ਹੋਈ ਗੱਲਬਾਤ ਨੇ ਇੱਕ ਡੂੰਘੇ ਸੱਭਿਆਚਾਰਕ ਧੁਰੇ ਨੂੰ ਰੇਖਾਂਕਿਤ ਕੀਤਾ, ਜਿੱਥੇ ਸਥਿਰਤਾ ਅਤੇ ਨਵੀਨਤਾ ਭਾਰਤ ਵਿੱਚ ਗਤੀਸ਼ੀਲਤਾ ਨੂੰ ਮੁੜ ਪਰਿਭਾਸ਼ਿਤ ਕਰਨ ਲਈ ਇਕਜੁਟ ਹੁੰਦੇ ਹਨ। ਸਹਿਯੋਗ ਨੂੰ ਉਤਸ਼ਾਹਤ ਕਰਕੇ ਅਤੇ ਸਾਂਝੇ ਉਦੇਸ਼ ਦੀ ਭਾਵਨਾ ਪੈਦਾ ਕਰਕੇ, ਗ੍ਰੀਨ ਭਾਰਤ ਨੇ ਨਾ ਸਿਰ.ਫ ਉਦਯੋਗਾਂ ਨੂੰ ਸਗੋਂ ਪੂਰੇ ਦੇਸ਼ ਦੀ ਮਾਨਸਿਕਤਾ ਨੂੰ ਆਕਾਰ ਦੇਣ ਵਿੱਚ ਸਮੂਹਿਕ ਕਾਰਵਾਈ ਦੀ ਸ਼ਕਤੀ ਦਾ ਪ੍ਰਦਰਸ਼ਨ ਕੀਤਾ ਹੈ। ਇਹ ਸਿਖਰ ਸੰਮੇਲਨ ਭਾਰਤ ਨੂੰ ਗ੍ਰੀਨ ਮੋਬੀਲਿਟੀ ਵਿੱਚ ਇੱਕ ਗਲੋਬਲ ਲੀਡਰ ਬਣਾਉਣ ਲਈ ਇੱਕ ਏਕੀਕ੍ਰਿਤ ਕੋਸ਼ਿਸ਼ ਦੀ ਸ਼ੁਰੂਆਤ ਦੀ ਨਿਸ਼ਾਨੀ ਹੈ।

## ਅਨਾਥ ਅਤੇ ਬੇਸਹਾਰਾ ਬੱਚਿਆਂ ਦੀ ਦੇਖ-ਭਾਲ ਕਰ ਰਹੀਆਂ ਗੈਰ-ਸਰਕਾਰੀ ਸੰਸਥਾਵਾਂ ਦੀ ਜੁਵੇਨਾਇਲਜਸਟਿਸ ਐਕਟ 2015 ਦੀ ਧਾਰਾ 41 (1) ਦੇ ਅਧੀਨ ਰਜਿਸਟਰੇਸ਼ਨ ਕਰਵਾਉਣਾ ਲਾਜ਼ਮੀ - ਡਿਪਟੀ ਕਮਿਸ਼ਨਰ

ਗੁਰਦਾਸਪੁਰ-ਨਵਨੀਤ ਕੁਮਾਰ -
ਜ਼ਿਲ੍ਹਾ ਗੁਰਦਾਸਪੁਰ ਵਿੱਚ 0 ਤੋਂ 18 ਸਾਲ ਤੱਕ ਦੇ ਜ਼ਰੂਰਤਮੰਦ ਅਤੇ ਬੇਸਹਾਰਾ ਬੱਚਿਆਂ ਦੀ ਸੁਰੱਖਿਆ ਅਤੇ ਦੇਖ-ਭਾਲ ਕਰ ਰਹੀਆਂ ਗੈਰ-ਸਰਕਾਰੀ ਸੰਸਥਾਵਾਂ ਜਿਨ੍ਹਾਂ ਵੱਲੋਂ ਅਜਿਹੇ ਬੱਚਿਆਂ ਨੂੰ ਕਿਸੇ ਵੀ ਬਾਲ ਦੇਖ-ਭਾਲ ਸੰਸਥਾਵਾਂ ਜਾਂ ਬਾਲ ਘਰ ਵਿੱਚ ਰੱਖਿਆ ਜਾ ਰਿਹਾ ਹੈ ਤਾਂ ਅਜਿਹੀਆਂ ਸੰਸਥਾਵਾਂ ਦਾ ਜੁਵੇਨਾਇਲ ਜਸਟਿਸ ਐਕਟ 2015 ਦੀ ਧਾਰਾ 41(1) ਅਧੀਨ ਰਜਿਸਟਰ ਹੋਣਾ ਲਾਜ਼ਮੀ ਹੈ। ਜੇ ਕਰ ਅਜਿਹੀ ਕੋਈ ਵੀ ਅਣ-ਅਧਿਕਾਰਿਤ ਸੰਸਥਾ ਅਜਿਹੇ ਬੱਚਿਆਂ ਨੂੰ ਰੱਖਦੇ ਪਾਈ ਜਾਂਦੀ ਹੈ ਤਾਂ ਅਜਿਹੀ ਸੰਸਥਾ ਦੇ ਖ਼ਿਲਾਫ਼ ਜੁਵੇਨਾਇਲ ਜਸਟਿਸ ਐਕਟ 2015 ਦੀ ਧਾਰਾ 42 ਅਨੁਸਾਰ ਕਾਰਵਾਈ ਕੀਤੀ ਜਾਵੇਗੀ, ਜਿਸ ਵਿੱਚ 1 ਸਾਲ ਦੀ ਸਜ਼ਾ ਜਾਂ ਇੱਕ ਲੱਖ ਰੁਪਏ ਜੁਰਮਾਨਾ ਜਾਂ ਦੋਨੇਂ ਹੀ ਹੋਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਜੁਵੇਨਾਇਲ ਜਸਟਿਸ ਐਕਟ 2015 ਅਨੁਸਾਰ ਗੈਰ-ਸਰਕਾਰੀ ਸੰਸਥਾਵਾਂ ਵੱਲੋਂ ਚਲਾਈਆਂ ਜਾ ਰਹੀਆਂ ਸੰਸਥਾਵਾਂ ਜੋ ਬਾਲ ਭਲਾਈ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਹਨ ਅਤੇ ਉਨ੍ਹਾਂ ਵੱਲੋਂ ਮੁਕੰਮਲ ਤੌਰ ਤੇ ਜਾਂ ਅੰਸ਼ਿਕ ਰੂਪ ਵਿੱਚ ਸੁਰੱਖਿਆ ਅਤੇ ਸੰਭਾਲ ਲਈ ਲੋੜਵੰਦ ਬੱਚਿਆਂ ਨੂੰ ਮੁਫ਼ਤ ਰਿਹਾਇਸ਼, ਖਾਣਾ, ਪੜਾਈ, ਮੈਡੀਕਲ ਸੁਵਿਧਾ ਆਦਿ ਮੁਹੱਈਆ ਕਰਵਾ ਰਹੀਆਂ ਹਨ ਅਤੇ ਚਾਹੇ ਉਹ ਸਰਕਾਰ ਵੱਲੋਂ ਗਰਾਂਟ ਪ੍ਰਾਪਤ ਕਰਦੇ ਹਨ ਜਾਂ ਨਹੀਂ, ਐਕਟ ਦੀ ਧਾਰਾ ਅਧੀਨ ਆਉਂਦੇ ਹਨ। ਜੁਵੇਨਾਇਲ ਜਸਟਿਸ ਐਕਟ 2015 ਦੀ ਧਾਰਾ 41 (1) ਅਧੀਨ ਰਜਿਸਟਰ ਹੋਣਾ ਜ਼ਰੂਰੀ ਹੈ।



ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਜਿਹੀਆਂ ਸੰਸਥਾਵਾਂ ਆਪਣੀ ਰਜਿਸਟਰੇਸ਼ਨ ਲਈ ਆਪਣੇ ਦਸਤਾਵੇਜ਼ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਬਲਾਕ ਏ, ਕਮਰਾ ਨੰਬਰ-218 ਵਿਖੇ ਮਿਤੀ 20 ਦਸੰਬਰ 2024 ਤੱਕ ਜਮ੍ਹਾ ਕਰਵਾਉਣ। ਉਨ੍ਹਾਂ ਕਿਹਾ ਕਿ ਮਿਤੀ 20 ਦਸੰਬਰ 2024 ਤੋਂ ਬਾਅਦ ਜ਼ਿਲ੍ਹੇ ਵਿੱਚ ਜੇਕਰ ਅਜਿਹੀ ਕੋਈ ਗੈਰ-ਸਰਕਾਰੀ ਸੰਸਥਾ ਪਾਈ ਜਾਂਦੀ ਹੈ ਜੋ ਬੱਚਿਆਂ ਦੇ ਖੇਤਰ ਵਿੱਚ ਕੰਮ ਕਰ ਰਹੀ ਹੈ ਅਤੇ ਜੁਵੇਨਾਇਲ ਜਸਟਿਸ ਐਕਟ ਤਹਿਤ ਰਜਿਸਟਰ ਨਹੀਂ ਹੈ ਦੇ ਵਿਰੁੱਧ ਜੁਵੇਨਾਇਲ ਜਸਟਿਸ ਐਕਟ 2015 ਦੀ ਧਾਰਾ 42 ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਕਤ ਸਮੇਂ ਦੌਰਾਨ 6 ਮਹੀਨੇ ਲਈ ਰਾਜ ਸਰਕਾਰ ਵੱਲੋਂ ਪ੍ਰੋਵਿਜਨਲ ਰਜਿਸਟਰੇਸ਼ਨ ਕੀਤੀ ਜਾਂਦੀ ਹੈ ਅਤੇ ਦਸਤਾਵੇਜ਼ਾਂ ਦੀ ਮੁਕੰਮਲ ਪੜਤਾਲ ਉਪਰੰਤ 5 ਸਾਲ ਲਈ ਪੱਕੇ ਤੌਰ ਤੇ ਰਜਿਸਟਰੇਸ਼ਨ ਕੀਤੀ ਜਾਂਦੀ ਹੈ। ਡਿਪਟੀ ਕਮਿਸ਼ਨਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਜੇਕਰ ਕੋਈ ਅਨਰਜਿਸਟਰਡ ਬਾਲ ਘਰ ਜ਼ਿਲ੍ਹੇ ਵਿੱਚ ਚੱਲ ਰਿਹਾ ਹੈ ਤਾਂ ਉਸ ਦੀ ਤੁਰੰਤ ਸੂਚਨਾ ਕਮਰਾ ਨੰਬਰ 218, ਬਲਾਕ-ਏ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ, ਫ਼ੋਨ ਨੰਬਰ 01874-240 157 ਮਿਤੀ 20 ਦਸੰਬਰ 2024 ਤੱਕ ਦਿੱਤੀ ਜਾਵੇ ਅਤੇ ਜਿੰਨਾ ਗੈਰ ਸਰਕਾਰੀ ਸੰਸਥਾ ਦੀ ਰਜਿਸਟਰੇਸ਼ਨ ਨਹੀਂ ਹੋਈ, ਉਹ ਆਪਣੀ ਬੇਨਤੀ ਪੱਤਰ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਗੁਰਦਾਸਪੁਰ ਵਿੱਚ ਮਿਤੀ 20 ਦਸੰਬਰ 2024, ਸ਼ਾਮ 05:00 ਵਜੇ ਤੱਕ ਜਮਾਂ ਕਰਵਾਉਣ।

## ਯੁਵਕ ਸੇਵਾਵਾਂ ਵਿਭਾਗ ਨੇ ਕਲੱਬਾਂ ਨੂੰ ਵਿੱਤੀ ਸਹਾਇਤਾ ਦੇਣ ਲਈ ਅਰਜੀਆਂ ਦੀ ਮੰਗ ਕੀਤੀ



ਗੁਰਦਾਸਪੁਰ-ਨਵਨੀਤ ਕੁਮਾਰ -
ਪੰਜਾਬ ਸਰਕਾਰ ਦੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਵਿਭਾਗ ਨਾਲ ਐਫੀਲੀਏਟਿਡ ਯੁਵਕ ਕਲੱਬਾਂ ਨੂੰ ਉਨ੍ਹਾਂ ਵੱਲੋਂ ਪਿਛਲੇ 2 ਸਾਲਾਂ ਤੋਂ ਆਪਣੇ ਪਿੰਡਾਂ/ਵਾਰਡਾਂ ਵਿੱਚ ਪਿੰਡ ਦੀ ਭਲਾਈ, ਯੁਵਕਾਂ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਖੇਡਾਂ ਸਬੰਧੀ ਕੀਤੀਆਂ ਗਈਆਂ ਗਤੀਵਿਧੀਆਂ ਦੇ ਆਧਾਰ ▼ਤੇ ਵਿੱਤੀ ਸਹਾਇਤਾ ਦੇਣ ਲਈ ਜਿਲ੍ਹੇ ਭਰ ▼ਚੋਂ ਅਰਜੀਆਂ ਦੀ ਮੰਗ ਕੀਤੀ ਗਈ ਹੈ। ਯੁਵਕ ਕਲੱਬ ਗ੍ਰਾਂਟ ਲੈਣ ਲਈ ਅਰਜ਼ੀਆਂ 20 ਜਨਵਰੀ 2025 ਤੱਕ ਦੇ ਸਕਦੇ ਹਨ। ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆ ਜਸਪਾਲ ਸਿੰਘ, ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਗੁਰਦਾਸਪੁਰ ਨੇ ਦੱਸਿਆ ਕਿ ਯੁਵਕ ਸੇਵਾਵਾਂ ਕਲੱਬਾਂ, ਆਪਣੀਆਂ ਅਰਜੀਆਂ ਦੇ ਨਾਲ ਕੀਤੀਆਂ ਗਈਆਂ ਗਤੀਵਿਧੀਆਂ ਦੀਆਂ ਫੋਟੋਆਂ ਅਤੇ ਅਖਬਾਰਾਂ ਦੀਆਂ ਕਾਤਰਾਂ ਨਾਲ ਨੱਥੀ ਕਰਨ ਤਾਂ ਜੋ ਵਧੀਆ ਕੰਮ ਕਰਨ ਵਾਲੀਆਂ ਯੁਵਕ ਸੇਵਾਵਾਂ ਕਲੱਬਾਂ ਦੀ ਚੋਣ ਕਰਕੇ, ਯੁਵਕ ਗਤੀਵਿਧੀਆਂ ਲਈ ਵਿੱਤੀ ਸਹਾਇਤਾ ਦੇ ਰੂਪ ਵਿੱਚ ਗ੍ਰਾਂਟ ਜਾਰੀ ਕੀਤੀ ਜਾ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਜਿਹੜੇ ਯੂਥ ਕਲੱਬਾਂ ਨੇ ਕਦੀ ਵਿੱਤੀ ਸਹਾਇਤਾ ਗ੍ਰਾਂਟ ਦਾ ਲਾਭ ਨਹੀਂ ਲਿਆ ਅਤੇ ਲਗਾਤਾਰ ਪਿਛਲੇ ਦੋ ਸਾਲਾਂ ਤੋਂ ਆਪਣੇ ਪਿੰਡਾਂ ਦੇ ਵਿਕਾਸ ਲਈ ਕੰਮ ਕਰ ਰਹੇ ਹਨ, ਉਨ੍ਹਾਂ ਯੂਥ ਕਲੱਬਾਂ ਨੂੰ ਪਹਿਲ ਦੇ ਆਧਾਰ ▼ਤੇ ਗ੍ਰਾਂਟ ਜਾਰੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਯੋਗ ਯੁਵਕ ਸੇਵਾਵਾਂ ਕਲੱਬਾਂ ਦੀ ਚੋਣ ਜ਼ਿਲ੍ਹਾ ਪੱਧਰ ▼ਤੇ ਬਣਾਈ ਗਈ ਕਮੇਟੀ ਵੱਲੋਂ ਕੀਤੀ ਜਾਵੇਗੀ। ਉਕਤ ਅਰਜੀਆਂ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਦੇ ਦਫਤਰ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਨਵਦੀਪ ਸਿੰਘ ਸਟੇਡੀਅਮ, ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਜਮ੍ਹਾਂ ਕਰਵਾਈਆਂ ਜਾਣ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਸਹਾਇਕ ਡਾਇਰੈਕਟਰ, ਜਸਪਾਲ ਸਿੰਘ ਦੇ ਮੋਬਾਇਲ ਨੰਬਰ 9646020541 ਅਤੇ ਸਟੈਨੋ ਸ੍ਰੀ ਵਿਸ਼ਾਲ ਕੈਲਾ 7508600706 ਦੇ ਨੰਬਰ ▼ਤੇ ਸੰਪਰਕ ਕੀਤਾ ਜਾ ਸਕਦਾ ਹੈ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸਰਦੀਆਂ ਦੇ ਮੌਸਮ ਦੌਰਾਨ ਐਮਰਜੈਂਸੀ ਸੇਵਾਵਾਂ ਬਾਰੇ ਜਾਗਰੂਕਤਾ ਮੁਹਿੰਮ ਚਲਾਈ




ਚੰਡੀਗੜ੍ਹ: (ਲੋਕ ਬਾਣੀ) ਮੈਕਸ ਹਸਪਤਾਲ ਨੇ ਸਰਦੀਆਂ ਦੇ ਮੌਸਮ ਦੌਰਾਨ ਦਿਲ ਦੇ ਰੋਗਾਂ ਅਤੇ ਨਿਊਰੋ ਕੇਸਾਂ ਲਈ ਲੋੜੀਂਦੀਆਂ ਐਮਰਜੈਂਸੀ ਸੇਵਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇੱਕ ਮੁਹਿੰਮ ਚਲਾਈ ਹੈ।

ਐਚਓਡੀ ਇੰਟਰਵੈਂਸ਼ਨਲ ਕਾਰਡੀਓਲੋਜੀ ਦੇ ਸਲਾਹਕਾਰ ਅਤੇ ਡਾਕਟਰ ਇਸ਼ਤਿਆਕ ਮਸੂਦ ਨੇ ਕਿਹਾ ਕਿ ਠੰਡੇ ਮੌਸਮ ਖੂਨ ਦੀਆਂ ਨਾੜੀਆਂ ਨੂੰ ਕੱਸਣ ਵਿੱਚ ਯੋਗਦਾਨ ਪਾਉਂਦੇ ਹਨ ਅਤੇ ਦਿਲ ਦੀਆਂ ਬਿਮਾਰੀਆਂ ਅਤੇ ਸਟ੍ਰੋਕ ਦੇ ਜੋਖਮ ਨੂੰ ਵਧਾਉਂਦੇ ਹਨ।

ਦਿਲ ਦੀਆਂ ਸਥਿਤੀਆਂ ਦੇ ਪ੍ਰਭਾਵੀ ਪ੍ਰਬੰਧਨ ਵਿੱਚ ਜੀਵਨਸ਼ੈਲੀ ਵਿੱਚ ਤਬਦੀਲੀਆਂ, ਦਵਾਈਆਂ ਅਤੇ ਗੈਰ-ਹਮਲਾਵਰ ਇਲਾਜਾਂ ਦਾ ਸੁਮੇਲ ਸ਼ਾਮਲ ਹੁੰਦਾ ਹੈ। ਕੁਝ ਸਧਾਰਨ ਜੀਵਨਸ਼ੈਲੀ ਤਬਦੀਲੀਆਂ ਵਿੱਚ ਇੱਕ ਸਿਹਤਮੰਦ ਸੰਤੁਲਿਤ ਖੁਰਾਕ ਖਾਣਾ, ਸਰੀਰਕ ਤੌਰ ਤੇ ਕਿਰਿਆਸ਼ੀਲ ਰਹਿਣਾ, ਨਿਯਮਤ ਕਸਰਤ ਕਰਨਾ, ਸਿਗਰਟਨੋਸ਼ੀ ਤੋਂ ਪਰਹੇਜ਼ ਕਰਨਾ ਅਤੇ ਖੂਨ ਦੇ ਕੋਲੇਸਟ੍ਰੋਲ ਅਤੇ ਸ਼ੂਗਰ ਦੇ ਪੱਧਰਾਂ ਨੂੰ ਕੰਟਰੋਲ ਕਰਨਾ ਸ਼ਾਮਲ ਹੈ।

ਡਾ: ਮਸੂਦ ਨੇ ਅੱਗੇ ਕਿਹਾ ਕਿ ਦਿਲ ਦੀ ਅਸਫਲਤਾ ਜਾਂ ਦਿਲ ਦੀ ਬਿਮਾਰੀ ਇਸ ਤੱਥ ਨੂੰ ਦਰਸਾਉਂਦੀ ਹੈ ਕਿ ਤੁਹਾਡਾ ਦਿਲ ਓਨਾ ਸਿਹਤਮੰਦ ਨਹੀਂ ਹੈ ਜਿੰਨਾ ਹੋਣਾ ਚਾਹੀਦਾ ਹੈ।

ਰੋਜ਼ਾਨਾ ਲੋਕ ਬਾਣੀ
www.lokbani

ਦਿਲ ਦੇ ਦੌਰੇ ਅਤੇ ਬ੍ਰੇਨ ਸਟ੍ਰੋਕ ਦੇ ਸ਼ੁਰੂਆਤੀ ਲੱਛਣਾਂ ਨੂੰ ਪਛਾਣਨਾ ਮਹੱਤਵਪੂਰਨ ਹੈ, ਕਿਉਂਕਿ ਜਲਦੀ ਪਤਾ ਲਗਾਉਣ ਨਾਲ ਸਮੇਂ ਸਿਰ ਇਲਾਜ ਅਤੇ ਵਧੀਆ ਨਤੀਜੇ ਨਿਕਲ ਸਕਦੇ ਹਨ। ਸਟ੍ਰੋਕ ਦੇ ਲੱਛਣਾਂ ਵਿੱਚ ਸੰਤੁਲਨ ਦਾ ਨੁਕਸਾਨ, ਧੁੰਦਲਾ ਜਾਂ ਨਜ਼ਰ ਗੁਆਉਣਾ, ਚਿਹਰੇ ਦਾ ਝੁਕਣਾ, ਬਾਂਹ ਵਿੱਚ ਕਮਜ਼ੋਰੀ, ਬੋਲਣ ਵਿੱਚ ਮੁਸ਼ਕਲ ਅਤੇ ਸਮੇਂ ਦਾ ਪਤਾ ਗੁਆਉਣਾ ਸ਼ਾਮਲ ਹਨ।

ਇਸੇ ਤਰ੍ਹਾਂ, ਦਿਲ ਦੇ ਲੱਛਣਾਂ ਜਿਵੇਂ ਕਿ ਛਾਤੀ ਵਿੱਚ ਭਾਰੀਪਨ, ਬੇਚੈਨੀ ਜਾਂ ਸਾਹ ਲੈਣ ਵਿੱਚ ਮੁਸ਼ਕਲ ਨੂੰ ਵੀ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ ਹੈ। ਡਾਕਟਰ ਮਸੂਦ ਨੇ ਕਿਹਾ ਕਿ ਦੌਰਾ ਪੈਣ ਦੇ ਪਹਿਲੇ 4.5 ਘੰਟਿਆਂ ਦੇ ਅੰਦਰ ਇਲਾਜ ਕਰਵਾਉਣਾ ਠੀਕ ਹੋਣ ਦੀ ਸਭ ਤੋਂ ਵਧੀਆ ਸੰਭਾਵਨਾ ਨੂੰ ਯਕੀਨੀ ਬਣਾਉਂਦਾ ਹੈ।

ਡਾਕਟਰ ਪੱਲਵ ਜੈਨ ਕੰਸਲਟੈਂਟ ਨਿਊਰੋਲੋਜੀ ਨੇ ਕਿਹਾ, ਸੁਨਹਿਰੀ ਘੰਟੇ - ਪਹਿਲੇ ਚਾਰ ਘੰਟੇ - ਸਟ੍ਰੋਕ ਵਿੱਚ ਬਹੁਤ ਮਹੱਤਵਪੂਰਨ ਹਨ। ਜਿਹੜੇ ਮਰੀਜ਼ ਇਸ ਸਮੇਂ ਦੌਰਾਨ ਡਾਕਟਰੀ ਦਖਲਅੰਦਾਜ਼ੀ ਪ੍ਰਾਪਤ ਕਰਦੇ ਹਨ ਉਨ੍ਹਾਂ ਦੇ ਬਚਣ ਦੀ ਬਹੁਤ ਜ਼ਿਆਦਾ ਸੰਭਾਵਨਾ ਹੁੰਦੀ ਹੈ ਅਤੇ ਜੇ ਉਹ ਤੁਰੰਤ ਹਸਪਤਾਲ ਪਹੁੰਚ ਜਾਂਦੇ ਹਨ ਤਾਂ ਉਹ ਲੰਬੇ ਸਮੇਂ ਲਈ ਦਿਮਾਗੀ ਨੁਕਸਾਨ ਤੋਂ ਬਚ ਸਕਦੇ ਹਨ।

# ਵਾਰਡ ਵਾਸੀਆਂ ਵੱਲੋਂ ਮਿਲਦੇ ਸਹਿਯੋਗ ਦੇ ਚਲਦਿਆਂ ਬੋਪਾਰਾਏ ਪਰਿਵਾਰ ਦੇ ਹੌਸਲੇ ਬੁਲੰਦ



ਅੰਮ੍ਰਿਤਸਰ (ਲੋਕ ਬਾਣੀ)- ਵਾਰਡ ਨੰਬਰ 9 ਤੇ ਇਲਾਕਾ ਨਿਵਾਸੀਆਂ ਵੱਲੋਂ ਦਿੱਤੇ ਜਾ ਰਹੇ ਭਰੋਸੇ ਅਤੇ ਵਿਸ਼ਵਾਸ ਦੇ ਚਲਦਿਆਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਉਮੀਦਵਾਰ ਅਰਮੀਤ ਕੌਰ ਬੋਪਾਰਾਏ ਪਤਨੀ ਅਮਨਦੀਪ ਸਿੰਘ ਬੋਪਾਰਾਏ ਦੇ ਹੌਸਲੇ ਬੁਲੰਦ ਹਨ। ਗੋਪਾਲ ਨਗਰ, ਭਵਾਨੀ ਨਗਰ, ਬੈਂਕ ਐਵਨੀਉ ਦੇ ਇਲਾਕਿਆਂ ਵਿੱਚ ਜੋਨ ਪ੍ਰਚਾਰ ਦੇ ਦੌਰਾਨ ਉਮੀਦਵਾਰ ਅਰਮੀਤ ਕੌਰ ਬੋਪਾਰਾਏ ਨੇ 21 ਦਸੰਬਰ ਨੂੰ ਵੋਟਾਂ ਵਾਲੇ ਦਿਨ ਚੋਣ ਨਿਸ਼ਾਨ ਤਕੜੀ ਦਾ ਬਟਨ ਦਬਾ ਕੇ ਕਾਮਯਾਬ ਕਰਨ ਲਈ ਅਪੀਲ ਕੀਤੀ। ਉਹਨਾਂ ਨੇ ਕਿਹਾ ਕਿ ਚੋਣ ਪ੍ਰਚਾਰ ਜਾਂ ਬੈਠਕਾਂ ਦੇ ਦੌਰਾਨ ਜਨਤਾ ਨਾਲ ਕੀਤੇ ਜਾ ਰਹੇ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡਾਂਗੇ। ਉਹਨਾਂ ਨੇ ਵਾਰਡ ਵਾਸੀਆਂ ਵੱਲੋਂ ਦਿੱਤੇ ਜਾ ਰਹੇ ਵਿਸ਼ਵਾਸ ਅਤੇ ਹਰ ਪੱਖੋਂ ਸਹਿਯੋਗ ਮਿਲਣ ਉਪਰੰਤ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ। ਇਸ ਮੌਕੇ ਤੇ ਐਡਵੋਕੇਟ ਸੰਦੀਪ ਭੁੱਲਰ, ਅਮਨਦੀਪ ਸਿੰਘ,ਭੁਪਿੰਦਰ ਸਿੰਘ ਤੁੰਗ,ਜੋਗਿੰਦਰ ਸਿੰਘ ਮਰਹਾਲਾ,ਨਰਿੰਦਰ ਸਿੰਘ ਲਵਲੀ, ਨਰਿੰਦਰ ਬਬਲੂ, ਪਟਵਾਰੀ ਹਰਮਿੰਦਰ ਸਿੰਘ, ਬਲਵਿੰਦਰ ਸਿੰਘ ਤੁੰਗ, ਸਰਪੰਚ ਹਰਮਿੰਦਰ ਸਿੰਘ, ਬਲਜਿੰਦਰ ਸਿੰਘ ਬਿੰਦਰ ਇੰਸਪੈਕਟਰ ਨਰਿੰਦਰ ਸਿੰਘ, ਸੁਰਜੀਤ ਸਿੰਘ ਛੀਨਾ, ਸੁਰਿੰਦਰ ਸਿੰਘ,ਮਿਨਲ ਕੌਰ, ਵਰਿੰਦਰ ਕੌਰ,ਕੰਵਲਜੀਤ ਕੌਰ, ਗੁਰਪ੍ਰੀਤ ਕੌਰ,ਸੀਮਾ,ਗੀਤਾ, ਰੱਜੀ, ਪਰਮਜੀਤ ਸਿੰਘ ਮਾਝੇ ਵਾਲੇ ਗੁਰਜਿੰਦਰ ਸਿੰਘ ਵੀ ਮੌਜੂਦ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਪੈਨਸ਼ਨਰਾਂ ਨੇ ਸ਼ਾਨਾ ਮੱਤੇ ਢੰਗ ਨਾਲ ਮਨਾਇਆ ਪੈਨਸ਼ਨ ਦਿਵਸ ਇਸ ਵਾਰ ਬਹੁਤ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਪੈਨਸ਼ਨਰ

ਗੁਰਦਾਸਪੁਰ-ਨਵਨੀਤ ਕੁਮਾਰ -

ਪੰਜਾਬ ਪੈਨਸ਼ਨਰਜ ਵੈੱਲਫੇਅਰ ਐਸੋਸੀਏਸ਼ਨ ਗੁਰਦਾਸਪੁਰ ਵੱਲੋਂ ਪੈਨਸ਼ਨਰ ਦਿਹਾੜਾ ਸ਼ਾਨਾਮੱਤੇ ਢੰਗ ਨਾਲ ਮਨਾਇਆ ਗਿਆ।

ਇਸ ਮੌਕੇ ਤੇ ਜੀਵਨ ਦੇ 80 ਸਾਲ ਪੂਰੇ ਕਰ ਚੁੱਕੇ 35 ਪੈਨਸ਼ਨਰ ਸਾਥੀਆਂ ਨੂੰ ਸਨਮਾਨਿਤ ਕੀਤਾ ਗਿਆ।

ਬੁਲਾਰਿਆਂ ਦੀ ਗੱਲਬਾਤ 2.59 ਦਾ ਗੁਣਾਂਕ ਦੇਣ ਅਤੇ 1/1/16 ਤੋ 30.6.2021 ਤੱਕ ਦਾ ਪੇ ਕਮਿਸ਼ਨ ਦਾ ਬਕਾਇਆ ਦੇਣ ਅਤੇ ਕੇਂਦਰ ਦੀ ਤਰਜ ਤੇ ਪੈਟਰਨ ਤੇ ਰਹਿੰਦਾ 11% ਦਾ ਬਕਾਇਆ ਤੁਰੰਤ ਅਦਾ ਕਰਨ ਮੈਡੀਕਲ ਅਲਾਉਂਸ 2000 ਕਰਨ ਅਤੇ ਪੁਰਾਣੀ ਪੈਨਸ਼ਨ ਬਹਾਲ ਕਰਨ ਉਪਰ ਕੇਂਦਰਤ ਰਹੀ।




ਇਸ ਦੀ ਪ੍ਰਧਾਨਗੀ ਸਰਵਸ਼੍ਰੀ ਜਵੰਦ ਸਿੰਘ ਜਿਲ੍ਹਾ ਪ□ਧਾਨ, ਸਵਿੰਦਰ ਸਿੰਘ ਔਲਖ ਜਨਰਲ ਸਕੱਤਰ, ਜੋਗਿੰਦਰ ਪਾਲ ਸੈਣੀ, ਅਬਿਨਾਸ਼ ਸਿੰਘ, ਪ□ਕਾਸ਼ ਚੰਦ, ਸੁਰੇਸ਼ ਸ਼ਰਮਾ, ਮੱਖਣ ਕੁਹਾੜ ,ਪਿਆਰਾ ਸਿੰਘ ਡਡਵਾਂ, ਸੁਖਵਿੰਦਰ ਸਿੰਘ ਬਾਗੋਵਾਣੀ,ਮੰਗਤ ਚੰਚਲ,ਵਿਜੇ ਥਾਪਾ, ਅਜੀਤ ਸਿੰਘ ਕਾਹਲੋਂ, ਅਜੀਤ ਸਿੰਘ ਸਿੱਧਵਾਂ ਨੇ ਕੀਤੀ ਜਦ ਕਿ ਸੀ□ ਕੁਲਵਰਨ ਸਿੰਘ ਜਨਰਲ ਸਕੱਤਰ ਪੰਜਾਬ ਪੈਨਸ਼ਨਰਜ਼ ਵੈਲਫੇਅਰ ਕਨਫੈਡਰੇਸ਼ਨ ਬਤੌਰ ਮੁੱਖ ਮਹਿਮਾਨ ਅਤੇ ਸ ਬਲਵੀਰ ਸਿੰਘ ਪ੍ਰੈ□ਸ ਸਕੱਤਰ ਪੰਜਾਬ ਪੈਨਸ਼ਨਰਜ ਵੈੱਲਫੇਅਰ ਕਨਫੈਡਰੇਸ਼ਨ ਬਤੌਰ ਵਿਸੇਸ਼ ਮਹਿਮਾਨ ਸੁਸ਼ੋਭਿਤ ਹੋਏ। ਪੋ□ਗਰਾਮ ਦੇ ਆਰੰਭ ਵਿੱਚ ਪਿੱਛਲੇ ਸਮੇਂ ਦੌਰਾਨ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਆਖ ਗਏ ਪੈਨਸ਼ਨਰ ਸਾਥੀਆਂ ਨੂੰ ਯਾਦ ਕਰਦਿਆਂ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਪ੍ਰੋਗਰਾਮ ਦਾ ਆਰੰਭ ਐਸੋਸੀਏਸ਼ਨ ਦੇ ਪ੍ਰਧਾਨ ਸ੍ ਜਵੰਦ ਸਿੰਘ ਵੱਲੋਂ ਪੰਜਾਬ ਦੀ ਲੀਡਰਸ਼ਿਪ ਅਤੇ ਵੱਡੀ ਗਿਣਤੀ ਵਿੱਚ ਹਾਜ਼ਰ ਪੈਨਸ਼ਨਰਾਂ ਨੂੰ ਨਿੱਘਾ ਜੀ ਆਇਆਂ ਨੂੰ ਆਖਣ ਨਾਲ ਹੋਇਆ। ਇਸ ਮੁਬਾਰਕ ਮੌਕੇ ਤੇ ਬੋਲਦਿਆਂ ਸਾਥੀ ਮੱਖਣ ਸਿੰਘ ਕੁਹਾੜ ਨੇ ਸਮੂਹ ਪੈਨਸ਼ਨਰ ਸਾਥੀਆਂ ਨੂੰ ਪੈਨਸ਼ਨਰ ਦਿਹਾੜੇ ਦੀਆਂ ਮੁਬਾਰਕਾਂ ਅਤੇ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਲੋਕ ਸ਼ਕਤੀ ਨੂੰ ਸਭ ਤੋਂ ਵੱਡੀ ਸ਼ਕਤੀ ਆਖਦਿਆਂ ਸਮੂਹ ਪੈਨਸ਼ਨਰ ਅਤੇ ਮੁਲਾਜ਼ਮ ਭਾਈਚਾਰੇ ਨੂੰ ਵੱਡੇ ਏਕੇ ਉਸਾਰਨ ਹਿਤ ਪ੍ਰੇਰਤ ਕੀਤਾ ਅਤੇ ਸਰਕਾਰਾਂ ਵੱਲੋਂ ਲੋਕ ਮਸਲਿਆਂ ਵੱਲ ਜ਼ਰਾ ਵੀ ਧਿਆਨ ਨਾ ਦੇਣ ਵਰਗੀਆਂ ਕੋਝੀਆਂ ਚਾਲਾਂ ਦੀ ਕਰੜੇ ਸ਼ਬਦਾਂ ਵਿੱਚ ਨਖੇਧਿਕ ਕੀਤੀ ਗਈ।ਇਸ ਤੋਂ ਮਗਰੋਂ ਇਸ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਸ ਕੁਲਵਰਨ ਸਿੰਘ ਨੇ ਪੈਨਸ਼ਨਰ ਦਿਹਾੜੇ ਦੀ ਮੁਬਾਰਕ ਦੇਣ ਦੇ ਨਾਲ ਨਾਲ ਜ਼ਿਲ੍ਹਾ ਗੁਰਦਾਸਪੁਰ ਦੇ ਪੈਨਸ਼ਨਰਾਂ ਦੇ ਕੰਮਾਂ ਦੀ ਜ਼ੋਰਦਾਰ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ 2.59 ਦੇ ਗੁਣਾਂਕ ਦੀ ਪ੍ਰਾਪਤੀ ਪੇ ਕਮਿਸ਼ਨ ਦਾ ਬਕਾਇਆ ਅਤੇ ਹੋਰ ਮਸਲਿਆਂ ਦੇ ਹੱਲ ਲਈ ਮੁਲਾਜਮਾਂ ਨੂੰ ਇੱਕਠੇ ਹੋਕੇ ਘੋਲ ਲੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਇਹ ਵੀ ਕਿਹਾ ਪਿੱਛਲੇ ਸਮੇਂ ਦੌਰਾਨ ਸੀ ਐਂਡ ਵੀ ਕਾਡਰ ਦੇ ਸਾਥੀਆਂ ਦੀ ਗਰੇਡ ਪੇ ਨੂੰ ਘਟਾਉਣ ਅਤੇ ਇਸ ਸਬੰਧੀ ਰਿਕਵਰੀ ਦਾ ਜੋ ਪੱਤਰ ਜਾਰੀ ਹੋਇਆ ਸੀ ਉਸ ਦਾ ਕੋਈ ਅਧਾਰ ਨਹੀਂ ਹੈ ਅਤੇ ਨਾ ਹੀ ਇਨ੍ਹਾਂ ਸਾਥੀਆਂ ਦੀ ਕਿਸੇ ਤਰ੍ਹਾਂ ਦੀ ਕੋਈ ਕਟੌਤੀ ਹੋਵੇਗੀ। ਉਨ੍ਹਾਂ ਨੇ ਵੀ ਏਕੇ ਤੇ ਸੰਘਰਸ਼ ਦੇ ਸਿਧਾਂਤ ਨੂੰ ਅਪਨਾਉਣ ਦੀ ਜ਼ੋਰਦਾਰ ਅਪੀਲ ਕੀਤੀ ਅਤੇ ਐਕਸ਼ਨਾ ਵਿੱਚ ਹੁੰਮ ਹੁਮਾ ਕੇ ਸ਼ਿਰਕਤ ਕਰਨ ਦੀ ਗੱਲ ਆਖੀ।ਇਸ ਤੋਂ ਇਲਾਵਾ ਸੁਰੇਸ਼ ਸ਼ਰਮਾ, ਵਿਜੇ ਥਾਪਾ, ਗੁਰਦਿਆਲ ਸਿੰਘ, ਸੁਖਵਿਦਰ ਸਿੰਘ ਬਾਗੋਵਾਣੀ ,ਵਿਨੋਦ ਕੁਮਾਰ ਸ਼ਰਮਾ ਅਤੇ ਸੰਤੋਖ ਸਿੰਘ ਔਲਖ ਨੇ ਵੀ ਆਪਣੇ ਵਿਚਾਰ ਰੱਖੇ। ਇਸ ਮੌਕੇ 35 ਪੈਨਸ਼ਨਰਾਂ ਨੂੰ ਜੋ ਜੀਵਨ ਦੇ 80 ਸਾਲ ਪੂਰੇ ਕਰ ਚੁੱਕੇ ਹਨ ਨੂੰ ਲੀਡਰਸ਼ਿਪ ਵੱਲੋਂ ਦੁਸ਼ਾਲੇ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਅਖੀਰ ਵਿੱਚ ਜਿਲ੍ਹਾ ਗੁਰਦਾਸਪੁਰ ਦੇ ਪ□ਧਾਨ ਸ ਜਵੰਦ ਸਿੰਘ ਨੇ ਆਪਣੇ ਵਿਚਾਰ ਵੀ ਰੱਖੇ ਅਤੇ ਹਾਜ਼ਰ ਲੀਡਰਸ਼ਿਪ ਅਤੇ ਪੈਨਸ਼ਨਰ ਸਾਥੀਆਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਸ਼੍ਰੀ ਕਪੂਰ ਸਿੰਘ ਘੁੰਮਣ, ਜਗਦੀਪ ਸਿੰਘ,ਸਰਵਨ ਸਿੰਘ,ਧਿਆਨ ਸਿੰਘ ਠਾਕੁਰ , ਜਰਨੈਲ ਸਿੰਘ,ਅਜੀਤ ਸਿੰਘ ਹੁੰਦਲ, ਚੂਨੀ ਲਾਲ,ਪ੍ਰੀਤਮ ਸਿੰਘ , ਜੋਗਿੰਦਰ ਸਿੰਘ, ਕਲਵੰਤ ਸਿੰਘ, ਸ਼੍ਰੀਮਤੀ ਜਸਬੀਰ ਕੌਰ ਚਾਹਲ ਕੁਲਵਿੰਦਰ ਕੌਰ ਪ੍ਰੀਤਮ ਸਿੰਘ ਰਮੇਸ਼ ਕੁਮਾਰ ਜਸਵੰਤ ਸਿੰਘ ਭੁੰਬਲੀ ਪ੍ਰੇਮ ਨਾਥ, ਸਾਈਂ ਦਾਸ, ਮਹਿੰਦਰ ਸਿੰਘ, ਅਮਰਜੀਤ ਸ਼ਾਸਤਰੀ,ਬੂਟਾ ਸਿੰਘ, ਬਨਾਰਸੀ ਦਾਸ, ਰਾਮ ਧਨ, ਮਨੋਹਰ ਲਾਲ ਸੁਰਜੀਤ ਪਾਲ, ਜੋਗਿੰਦਰ ਪਾਲ ਕਲੀਚਪੁਰ, ਸੁਨੀਲ ਕੁਮਾਰ, ਬੋਧ ਰਾਜ, ਦਰਬਾਰੀ ਲਾਲ, ਰੋਸ਼ਨ ਲਾਲ, ਮਦਨ ਸ਼ਰਮਾ, ਕਰਨੈਲ ਸਿੰਘ, ਧਰਮ ਪਾਲ, ਸ਼ੀਤਲ ਸਿੰਘ, ਸੋਮਨਾਥ, ਅਜੀਤ ਸਿੰਘ, ਰਮੇਸ਼ ਕੁਮਾਰ, ਪੂਰਨ ਚੰਦ, ਜਗਜੀਤ ਸਿੰਘ, ਸਾਧੂ ਰਾਮ ਆਦਿ ਤੋਂ ਇਲਾਵਾ ਸੈਂਕੜਿਆਂ ਦੀ ਗਿਣਤੀ ਵਿੱਚ ਪੈਨਸ਼ਨਰ ਸਾਥੀ ਹਾਜ਼ਰ ਹੋਏ। ਇਸ ਮੌਕੇ ਇੱਕ ਮਤੇ ਰਾਹੀਂ ਲਾਡ ਰਹੇ ਕਿਸਾਨਾਂ ਦੇ ਸੰਘਰਸ਼ ਦੀ ਹਮਾਇਤ ਕੀਤੀ ਗਈ ਅਤੇ ਜਲਦੀ ਤੋਂ ਜਲਦੀ ਉਹਨਾਂ ਦੇ ਮਸਲੇ ਹੱਲ ਕਰਨ ਦੀ ਜੋ ਅਪੀਲ ਕੀਤੀ ਇਸ ਗੱਲ ਦੀ ਵੀ ਨਿਖੇਧੀ ਕੀਤੀ ਗਈ ਕਿ ਲੋਕਾਂ ਦੇ ਮਸਲਿਆਂ ਤੋਂ ਧਿਆਨ ਹਟਾਉਣ ਲਈ ਮੰਦਰ ਮਸਜਿਦ ਤੇ ਮਸਲੇ ਫਿਰ ਛੇੜੇ ਜਾ ਰਹੇ ਹਨ ਇੱਕ ਹੋਰ ਮਤੇ ਰਾਹੀਂ ਇੱਕ ਰਾਸ਼ਟਰ ਇੱਕ ਚੋਣ ਦੀ ਵਿਰੋਧਤਾ ਕੀਤੀ ਗਈ।

ਰੋਜ਼ਾਨਾ ਲੋਕ ਬਾਣੀ
www.lokbani

# ਕਬੱਡੀ ਟੂਰਨਾਮੈਂਟ ਨੂੰ ਲੈ ਕੇ ਹੋਈ ਮੀਟਿੰਗ



ਖਰੜ (ਕਾਲਾਂ ਸਿੰਘ ਸੈਣੀ )-ਅੱਜ ਖਰੜ ਵਿਖੇ ਅਸਟ੍ਰੇਲੀਆ ਤੋਂ ਮੋਹਨਵੀਰ ਬੱਲ (ਬੱਲ ਇਮਪੋਰੀਅਮ ਆਸਟ੍ਰੇਲੀਆ) ਅਤੇ ਹਰਜੀਤ ਸੰਧੂ ਅਸਟ੍ਰੇਲੀਆ ਤੋਂ ਉਚੇਚੇ ਤੌਰ ਤੇ ਖਰੜ ਪਹੁੰਚਣ ਤੇ ਅਮਨਦੀਪ ਸਿੰਘ ਸੈਣੀ ਅੰਮ੍ਰਿ,ਕਰਮਬੀਰ ਗਿੱਲ ਅਤੇ ਸ਼ਵੀ ਸੋਹਲ, ਪ੍ਰਭਜੋਤ ਸਿੰਘ ਘੁੰਮਣ ਅਤੇ ਜੋਤੀ ਵੱਲੋਂ ਭਰਵਾ ਸਵਾਗਤ ਕੀਤਾ ਗਿਆ। ਇਸ ਮੌਕੇ ਸ਼ਹਿਰ ਭੁਲੱਥ ਵਿੱਖੇ 12, 13 ਤੇ 14 ਅਪ੍ਰੈਲ 2025 ਨੂੰ ਕਰਵਾਏ ਜਾਣ ਵਾਲੇ ਅਵਤਾਰ ਸਿੰਘ ਬੱਲ ਯਾਦਗਾਰੀ ਕਬੱਡੀ ਟੂਰਨਾਮੈਂਟ ਬਾਰੇ ਵਿਚਾਰ ਵਟਾਂਦਰੇ ਕੀਤੇ ਗਏ ਇਸ ਮੌਕੇ ਤੇ ਸਾਰੀ ਟੀਮ ਨੇ ਸ਼ਹਿਰ ਦੇ ਨੌਜਵਾਨਾਂ ਨੂੰ ਕਬੱਡੀ ਕੱਪ ਚ ਭੁਲੱਥ ਪਹੁੰਚਣ ਦੀ ਅਪੀਲ ਕੀਤੀ

ਰੋਜ਼ਾਨਾ ਲੋਕ ਬਾਣੀ
www.lokbani

# ਆਮ ਆਦਮੀ ਪਾਰਟੀ ਦੇ ਉਮੀਦਵਾਰ ਘੜੂੰਆਂ ਦੇ ਸਾਰੇ ਵਾਰਡਾਂ ਵਿੱਚ ਗਿਣਤੀ ਵਿੱਚ ਜਿੱਤ ਹਾਸਿਲ ਕਰਨਗੇ: ਡਾ. ਚਰਨਜੀਤ ਸਿੰਘ



ਖਰੜ, (ਕਾਲਾਂ ਸੰਘ ਸੈਣੀ )- ਨਗਰ ਪੰਚਾਇਤ ਘੜੂੰਆਂ ਦੀ ਹੋ ਰਹੀ ਚੋਣਾਂ ਨੂੰ ਲੈ ਕੇ ਚੋਣ ਪ੍ਰਚਾਰਾਂ ਸੱਖਰਾਂ 'ਤੇ ਪਹੁੰਚਾਂ ਗਆਿ ਹੈ।। ਜਸ ਨੂੰ ਦੇਖਿਦਆਂ ਹਲਕਾ ਸ਼੍ਰੀ ਚਮਕੌਰ ਸਾਹਿਬ ਦੇ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ ਨਗਰ ਪੰਚਾਇਤ ਘੜੂੰਆਂ ਵੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਲਈ ਚੋਣ ਪ੍ਰਚਾਰ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਵੱਲੋਂ ਨਗਰ ਘੜੂੰਆਂ ਦੇ ਵੱਖ-ਵੱਖ ਵਾਰਡਾਂ ਦੇ ਵਿੱਚ ਘਰ-ਘਰ ਜਾ ਕੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਲਈ ਵੋਟਾਂ ਮੰਗੀਆਂ। ਉਨਾਂ ਕਹਾ ਕਿ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵਧੀਆ ਹੁੰਗਾਰਾ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਨਗਰ ਪੰਚਾਇਤ ਘੜੂੰਆਂ ਦੀਆਂ ਸਾਰੀਆਂ 11 ਵਾਰਡਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੀਂ ਗਣਤੀ ਨਾਲ ਜਿੱਤ ਹਸਿਲ ਕਰਨਗੇ। ਉਨਾਂ ਕਿਹਾ ਕਿ ਇਸ ਚੋਣ ਲਈ ਵਿਰੋਧੀ ਪਾਰਟੀਆਂ ਨੂੰ ਉਮੀਦਵਾਰ ਨਹੀਂ ਲੱਭ ਰਹੇ ਸੀ ਜਿਸ ਕਾਰਨ ਉਹਨਾਂ ਸਾਡੇ ਨਰਾਜ਼ ਹੋਏ ਵਰਕਰਾਂ ਨੂੰ ਹੀ ਟਿਕਟਾਂ ਦਿੱਤੀਆਂ ਹਨ। ਉਹਨਾਂ ਕਿਹਾ ਕਿ ਅਕਾਲੀ ਦਲ ਵਾਂਗ ਕਾਂਗਰਸ ਪਾਰਟੀ ਵੀ ਸੂਬੇ ਵਿੱਚੋਂ ਖਤਮ ਹੋ ਰਹੀ ਹੈ। ਨਗਰ ਪੰਚਾਇਤ ਘੜੂੰਆਂ ਵਿੱਚ ਆਮ ਆਦਮੀ ਪਾਰਟੀ ਦੀ ਕਮੇਟੀ ਬਣਨ ਤੋਂ ਬਾਅਦ ਨਗਰ ਦੇ ਨਿਕਾਸੀ ਪਾਣੀ ਦਾ ਸਭ ਤੋਂ ਪਹਿਲਾਂ ਹੱਲ ਕੀਤਾ ਜਾਵੇਗਾ। ਇਸ ਮੌਕੇ ਜਗਤਾਰ ਸਿੰਘ ਘੜੂੰਆਂ ਸਿਆਸੀ ਸਕੱਤਰ ਐਮ.ਐਲ.ਏ., ਵਾਰਡ ਨੰਬਰ ਤਿੰਨ ਤੋਂ ਉਮੀਦਵਾਰ ਜਸਵਿੰਦਰ ਕੌਰ, ਪ੍ਰੀਤਮ ਸਿੰਘ, ਸੁਰਮਖ ਸਿੰਘ, ਰਮਨਪ੍ਰੀਤ ਸਿੰਘ, ਰਿਆ, ਰੋਬਿਨ, ਜਨਕ ਰਾਜ ਪਟਵਾਰੀ, ਮਨਪ੍ਰੀਤ ਸਿੰਘ, ਰਜਿੰਦਰ ਸਿੰਘ ਰਾਜਾ, ਬਲਵਿੰਦਰ ਸਿੰਘ, ਜਸਵਿੰਦਰ ਸਿੰਘ, ਇੰਦਰਜੀਤ ਸਿੰਘ ਬਾਡੂ, ਹਰਪ੍ਰੀਤ ਸਿੰਘ ਭੰਡਾਰੀ, ਸ਼ਮਸ਼ੇਰ ਸਿੰਘ, ਵੀਰ ਦਵਿੰਦਰ ਸਿੰਘ ਬੱਲਾ, ਕੁਲਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਚ ਨਗਰ ਨਿਵਾਸੀ ਤੇ ਆਪ ਵਰਕਰ ਹਾਜ਼ਰ ਸਨ।

# ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਵਿਕਾਸ ਕਾਰਜ ਸ਼ੁਰੂ ਕਰਵਾਏ



ਧੂਰੀ 1(ਲੋਕ ਬਾਣੀ) ਪਿੰਡ ਪੇਧਨੀ ਕਲਾਂ ਵਿਖੇ ਮੁੱਖ ਮੰਤਰੀ ਦਫ਼ਤਰ ਧੂਰੀ ਦੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਗ੍ਰਾਮ ਪੰਚਾਇਤ ਰਾਹੀ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ , ਇਸ ਮੌਕੇ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਧੂਰੀ ਹਲਕੇ ਵਿੱਚ ਵਿਕਾਸ ਕਾਰਜ ਤੇਜੀ ਨਾਲ ਕਰਵਾਏ ਜਾ ਰਹੇ ਹਨ ਅਤੇ ਜਿਸ ਤਹਿਤ ਅੱਜ ਪਿੰਡ ਪੇਧਨੀ ਕਲਾਂ ਵਿਖੇ ਸੀਵਰੇਜ ਪਾਈਪ ਲਾਈਨ ਅਤੇ ਹੋਰ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ ਹੈ , ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ । ਇਸ ਮੌਕੇ ਬੀ ਡੀ ਪੀ ਓ ਪ੍ਰਦੀਪ ਕੁਮਾਰ ਸ਼ਾਰਦਾ , ਸਰਪੰਚ ਕਰਮਜੀਤ ਕੌਰ ਪੇਧਨੀ , ਨੰਬਰਦਾਰ ਰਜਿੰਦਰ ਸਿੰਘ ਪੇਧਨੀ , ਮੱਖਣ ਸਿੰਘ , ਆਪ ਆਗੂ ਬਿੱਟੂ ਖੁਰਮੀ , ਗਗਨਦੀਪ ਸਿੰਘ ਮੈਂਬਰ , ਕੁਲਵਿੰਦਰ ਕੌਰ ਮੈਂਬਰ , ਭਿੰਦਾ ਵਿਰਕ ਅਤੇ ਰਾਜੂ ਲੱਡਾ ਅਤੇ ਹੋਰ ਵੀ ਹਾਜ਼ਰ ਸਨ ।

# ਲੀਡ ਕਿਰਦਾਰ ਰਿਹਾਨ ਵਜੋਂ ਭੂਮਿਕਾ ਨਿਭਾਉਣ ਲਈ ਪੂਰੀ ਤਰ੍ਹਾਂ ਤਿਆਰ ਹਨ ਰਾਹੁਲ ਬਸੀ ਮੰਨਤ-ਇਕ ਸਾਂਝਾ ਪਰਿਵਾਰ 23 ਦਸੰਬਰ ਨੂੰ ਹਰ ਸੋਮਵਾਰ-ਸ਼ਨੀਵਾਰ ਰਾਤ 8:00 ਵਜੇ ਸਿਰਫ ਜ਼ੀ ਪੰਜਾਬੀ ਤੇ।

(ਲੋਕ ਬਾਣੀ) ਜ਼ੀ ਪੰਜਾਬੀ ਦੇ ਹਿੱਟ ਸ਼ੋਅ ਗੀਤ ਢੋਲੀ ਵਿੱਚ ਸਮਰਾਟ ਦਾ ਨੈਗੇਟਿਵ ਕਿਰਦਾਰ ਨਿਭਾਉਣ ਵਾਲੇ ਰਾਹੁਲ ਬਸੀ ਹੁਣ ਜ਼ੀ ਪੰਜਾਬੀ ਉੱਤੇ ਨਵੇਂ ਸ਼ੋਅ ਮੰਨਤ-ਇਕ ਸਾਂਝਾ ਪਰਿਵਾਰ ਦੇ ਨਾਲ ਵਾਪਸੀ ਕਰ ਰਹੇ ਹਨ, ਜਿਸ ਵਿੱਚ ਉਹ ਰਿਹਾਨ ਦੇ ਕਿਰਦਾਰ ਵਿੱਚ ਨਜ਼ਰ ਆਉਣਗੇ। ਸ਼ੋਅ 23 ਦਸੰਬਰ ਨੂੰ ਹਰ ਸੋਮਵਾਰ ਤੋਂ ਸ਼ਨੀਵਾਰ ਰਾਤ 8:00 ਵਜੇ ਪ੍ਰਸਾਰਿਤ ਹੋਵੇਗਾ।

12 ਸਾਲਾਂ ਦੇ ਕੈਰੀਅਰ ਦੇ ਨਾਲ, ਰਾਹੁਲ ਬਸੀ ਨੇ ਫਿਲਮ ਇੰਡਸਟਰੀ ਵਿੱਚ ਆਪਣੀ ਕਾਬਲੀਅਤ ਨੂੰ ਸਾਬਤ ਕੀਤਾ ਹੈ, 570 ਤੋਂ ਵੱਧ ਮਿਊਜ਼ਿਕ ਵੀਡੀਓਜ਼ ਵਿੱਚ ਕੰਮ ਕਰ ਚੁੱਕੇ ਹਨ। ਚੰਡੀਗੜ੍ਹ ਦੇ ਰਹਿਣ ਵਾਲੇ ਹੋਣਹਾਰ ਰਾਹੁਲ ਨੇ ਆਪਣੀ ਗ੍ਰੇਜੁਏਸ਼ਨ ਐਸ.ਡੀ. ਕਾਲਜ ਵਿੱਚ ਕੀਤੀ ਤੇ ਉਸ ਤੋਂ ਬਾਅਦ ਪੰਜਾਬ ਯੂਨੀਵਰਸਿਟੀ ਤੋਂ ਮਾਸਟਰ ਡਿਗਰੀ ਪੂਰੀ ਕੀਤੀ। ਆਪਣੀ ਡਿਗਰੀ ਦੇ ਨਾਲ ਉਹਨਾਂ ਦੀ ਦਿਲਚਸਪੀ ਸਪੋਰਟਸ ਦੇ ਵਿੱਚ ਵੀ ਹੈ ਤੇ ਰਾਸ਼ਟਰੀ ਪੱਧਰ ਦੇ ਮੁੱਕੇਬਾਜ਼ ਵਜੋਂ ਉਸਨੇ ਪੰਜ ਤਗਮੇ ਜਿੱਤੇ।

ਰਾਹੁਲ ਬੱਸੀ ਨੇ ਆਪਣੀ ਨਵੀਂ ਭੂਮਿਕਾ ਬਾਰੇ ਆਪਣੀ ਉਤਸਾਹ ਜ਼ਾਹਰ ਕਰਦੇ ਹੋਏ ਕਿਹਾ, ਰਿਹਾਨ ਦਾ ਕਿਰਦਾਰ ਮੇਰੇ ਨਾਲ ਮਿਲਦਾ-ਜੁਲਦਾ ਹੈ, ਜੋ ਆਪਣੇ ਪਰਿਵਾਰ ਨੂੰ ਬਹੁਤ ਪਿਆਰ ਕਰਦਾ ਹੈ ਤੇ ਆਪਣੇ ਪਰਿਵਾਰ ਨੂੰ ਖੁਸ਼ ਰੱਖਣ ਦੀ ਪੂਰੀ ਕੋਸ਼ਿਸ਼ ਕਰਦਾ ਹੈ, ਫਿਰ ਵੀ ਜਦੋਂ ਉਸਦੇ ਰਿਸ਼ਤਿਆਂ ਦੀ ਗੱਲ ਆਉਂਦੀ ਹੈ ਤਾਂ ਉਹ ਇੱਕ ਅਧਿਕਾਰਤ ਪੱਖ ਪ੍ਰਦਰਸ਼ਿਤ ਕਰਦਾ ਹੈ। ਇਹਨਾਂ ਸਭ ਦੇ ਨਾਲ ਹੀ ਉਹ ਇੱਕ ਸਮਝਦਾਰ, ਸੂਝਵਾਨ ਤੇ ਆਪਣੇ ਪਰਿਵਾਰ ਨੂੰ ਅਹਿਮੀਅਤ ਦਿੰਦਾ ਹੈ ਮੈਂ ਉਮੀਦ ਕਰਦਾ ਹੈ ਕਿ ਦਰਸ਼ਕ ਮੇਰੇ ਕਿਰਦਾਰ ਰਿਹਾਨ ਨੂੰ ਬੇਹੱਦ ਪਸੰਦ ਕਰਨਗੇ।'



ਜ਼ੀ ਪੰਜਾਬੀ ਤੇ ਮੰਨਤ-ਇਕ ਸਾਂਝਾ ਪਰਿਵਾਰ ਇੱਕ ਦਿਲ ਨੂੰ ਛੂਹਣ ਵਾਲਾ ਪਰਿਵਾਰਕ ਡਰਾਮਾ ਹੈ ਜੋ ਪਰਿਵਾਰਕ ਰਿਸ਼ਤਿਆਂ ਦੀ ਮਜ਼ਬੂਤੀ ਤੇ ਏਕਤਾ ਨੂੰ ਉਜਾਗਰ ਕਰੇਗਾ। ਰਿਹਾਨ ਦੇ ਰੂਪ ਵਿੱਚ ਰਾਹੁਲ ਬਸੀ ਦੀ ਭੂਮਿਕਾ ਉਸਦੇ ਕੈਰੀਅਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰਦੀ ਹੈ। ਜ਼ੀ ਪੰਜਾਬੀ ਤੇ ਮੰਨਤ-ਇਕ ਸਾਂਝਾ ਪਰਿਵਾਰ ਦੇ ਪ੍ਰੀਮੀਅਰ ਨੂੰ ਦੇਖਣਾ ਨਾ ਭੁੱਲੋ 23 ਦਸੰਬਰ, 2024 ਨੂੰ ਸੋਮਵਾਰ-ਸ਼ਨੀਵਾਰ ਰਾਤ 8:00 ਵਜੇ।

# ਐੱਸ. ਡੀ. ਕਾਲਜ ਵਿਚ ਸੱਤ ਰੋਜ਼ਾ ਕੈਂਪ ਦਾ ਉਦਘਾਟਨ ਸਮਾਰੋਹ ਸਫਲਤਾਪੂਰਵਕ ਸੰਪੰਨ



ਗੁਰਦਾਸਪੁਰ, (ਲੋਕ ਬਾਣੀ)- ਪੰਡਿਤ ਮੋਹਨ ਲਾਲ ਐੱਸ. ਡੀ. ਕਾਲਜ ਫ਼ਾਰ ਵੂਮੈਨ ਗੁਰਦਾਸਪੁਰ ਵਿਖੇ ਐਨ. ਐੱਸ. ਐੱਸ. ਵਿਭਾਗ ਵਲੋਂ ਸਪੈਸ਼ਲ ਸੱਤ ਰੋਜ਼ਾ ਕੈਂਪ ਦਾ ਉਦਘਾਟਨ ਸਮਾਰੋਹ ਕਾਲਜ ਪ੍ਰਿੰਸੀਪਲ ਡਾ. ਨੀਰੂ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਕਰਵਾਇਆ ਗਿਆ ਜਿਸ ਵਿਚ ਮੁੱਖ ਮਹਿਮਾਨ ਸ. ਬਲਵਿੰਦਰ ਬਾਲਮ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਹ ਸਪੈਸ਼ਲ ਸੱਤ ਰੋਜ਼ਾ ਕੈਂਪ 17 ਦਸੰਬਰ ਤੋਂ 23 ਦਸੰਬਰ ਤੱਕ ਚੱਲੇਗਾ। ਇਸ ਕੈਂਪ ਦੀ ਵਿਸ਼ੇਸ਼ਤਾ ਹੈ ਕਿ ਇਹ ਦੋ ਭਾਗਾਂ ਸਵੇਰ ਅਤੇ ਸ਼ਾਮ ਵਿਚ ਵੰਡਿਆ ਹੋਇਆ ਹੈ। ਇਸ ਕੈਂਪ ਵਿਚ ਸੌ ਵਲੰਟੀਅਰ ਹਿੱਸਾ ਲੈਣਗੇ ਅਤੇ ਇਹ ਕੈਂਪ ਬਾਬੋਵਾਲ ਪਿੰਡ ਵਿਚ ਵਾਤਾਵਰਨ ਸਬੰਧੀ, ਔਰਤਾਂ ਦੇ ਅਧਿਕਾਰਾਂ ਸਬੰਧੀ ਅਤੇ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਦੀਆਂ ਨਵੀਆਂ ਨੀਤੀਆਂ ਬਾਰੇ ਜਾਗਰੂਕਤਾ ਸੰਬੰਧੀ ਰੈਲੀਆਂ ਕੱਢਣਗੇ। ਇਸ ਦੇ ਨਾਲ-ਨਾਲ ਸਮਾਜ ਸੇਵਾ ਦੇ ਪ੍ਰੋਜੈਕਟ ਵੀ ਕੀਤੇ ਜਾਣਗੇ ਅਤੇ ਵੱਖ-ਵੱਖ ਵਿਸ਼ਾ ਮਾਹਿਰਾਂ ਨੂੰ ਬੁਲਾ ਕੇ ਸੈਮੀਨਾਰ ਅਤੇ ਵਰਕਸ਼ਾਪਾਂ ਵੀ ਲਗਾਈਆਂ ਜਾਣਗੀਆਂ। ਇਸ ਤੋਂ ਇਲਾਵਾ ਇਸੇ ਪਿੰਡ ਵਿਚ ਸਿਹਤ ਜਾਂਚ ਕੈਂਪ ਵੀ ਲਗਾਇਆ ਜਾਵੇਗਾ। ਇਸ ਕੈਂਪ ਦੇ ਪ੍ਰੋਗਰਾਮ ਅਫ਼ਸਰ ਡਾ. ਸੁਖਵਿੰਦਰ ਕੌਰ ਅਤੇ ਮਿਸਿਜ਼ ਸਮਿਤਾ ਖਜੂਰੀਆ ਸਨ। ਇਸ ਮੌਕੇ ਸਮਿਤਾ ਖਜੂਰੀਆ ਨੇ ਪੀ.ਪੀ.ਟੀ. ਰਾਹੀਂ ਪਿਛਲੇ ਕੈਂਪ ਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਮੁੱਖ ਮਹਿਮਾਨ ਸ. ਬਲਵਿੰਦਰ ਬਾਲਮ ਨੇ ਆਪਣੇ ਭਾਸ਼ਣ ਵਿਚ ਵਲੰਟੀਅਰਾਂ ਨੂੰ ਸਾਹਿੱਤਿਕ ਰਚਨਾਵਾਂ ਸੁਣਾ ਕੇ ਪ੍ਰੇਰਿਤ ਕੀਤਾ ਅਤੇ ਕੈਂਪ ਦੇ ਦੌਰਾਨ ਸਮਾਜ ਸੇਵਾ ਦੇ ਕੰਮਾਂ ਪ੍ਰਤੀ ਵਧ ਚੜ੍ਹ ਕੇ ਹਿੱਸਾ ਲੈਂਦਿਆਂ ਮਹਿਸੂਸ ਕੀਤਾ ਜਾਵੇ ਕਿ ਜੋ ਅਸੀਂ ਕਾਰਜ ਕਰ ਰਹੇ ਕਿ ਉਹ ਸਹੀ ਹੈ। ਅੰਤ ਵਿਚ ਪ੍ਰਿੰਸੀਪਲ ਮੈਡਮ ਨੇ ਮੁੱਖ ਮਹਿਮਾਨ ਦਾ ਸ਼ਬਦੀ ਧੰਨਵਾਦ ਕੀਤਾ

# ਭਗਵਾਨਪੁਰ ਤੋਂ ਬੇਹੜਾ ਸੜਕ ਦੀ ਹਾਲਤ ਤਰਸਯੋਗ

## ਸੜਕ ਦੀ ਖਸਤਾ ਹਾਲਤ ਕਾਰਨ ਰੋਜ਼ਾਨਾ ਵਾਪਰ ਰਹੇ ਹਨ ਹਾਦਸੇ

ਡੇਰਾਬੱਸੀ,(ਲੋਕ ਬਾਣੀ) ਇਲਾਕੇ ਦੇ ਅੰਦਰ ਪੈਂਦੀ ਸੜਕਾਂ ਦੀ ਹਾਲਤ ਤਰਸਯੋਗ ਬਣੀ ਹੋਈ ਹੈ। ਸੜਕ 'ਤੇ ਥਾਂ ਥਾਂ ਖੱਡੇ ਪਏ ਹੋਏ ਹਨ ਜਿਸ ਕਾਰਨ ਇਥੇ ਰੋਜ਼ਾਨਾ ਹਾਦਸੇ ਵਾਪਰ ਰਹੇ ਹਨ। ਲੰਘੇ ਕਲ੍ਹ ਵੀ ਇਸ ਸੜਕ 'ਤੇ ਇਕ ਟਰੱਕ ਪਲਟਣ ਕਾਰਨ ਵੱਡਾ ਹਾਦਸਾ ਵਾਪਰ ਗਿਆ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਬਰਵਾਲਾ ਸੜਕ ਨੂੰ ਬੇਹੜਾ ਸੜਕ ਨਾਲ ਜੋੜਨ ਵਾਲੀ ਇਹ ਅਹਿਮ ਸੜਕ ਹੈ। ਇਥੇ ਹਰ ਵੇਲੇ ਭਾਰੀ ਆਵਾਜਾਈ ਰਹਿੰਦੀ ਹੈ। ਇਲਾਕੇ ਦੀ ਸਭ ਤੋਂ ਜ਼ਿਆਦਾ ਸਨਅਤ ਬਰਵਾਲਾ ਅਤੇ ਬੇਹੜਾ ਸੜਕ 'ਤੇ ਹੀ ਲੱਗੀ ਹੋਈ ਹੈ। ਫੈਕਟਰੀਆਂ ਵਿੱਚ ਰੋਜ਼ਾਨਾ ਭਾਰੀ ਵਾਹਨ ਕੱਚੇ ਅਤੇ ਪੱਕੇ ਮਾਲ ਦੀ ਢੋਆ ਢੁਆਈ ਲਈ ਇਸ ਸੜਕ 'ਤੇ ਆਉਂਦੇ ਜਾਂਦੇ ਹਨ। ਇਸ ਤੋਂ ਇਲਾਵਾ ਦਰਜਨਾਂ ਪਿੰਡਾਂ ਦੇ ਲੋਕ ਇਸ ਸੜਕ ਦੀ ਵਰਤੋਂ ਕਰਦੇ ਹਨ। ਪਰ ਸੜਕ ਦੀ ਹਾਲਤ ਖਸਤਾ ਹੋਣ ਕਾਰਨ ਰੋਜ਼ਾਨਾ ਇਥੇ ਹਾਦਸੇ ਵਾਪਰ ਰਹੇ ਹਨ। ਸੜਕ ਦੀ ਵਰਤੋਂ ਕਰਨ ਵਾਲੇ ਰਾਹਗੀਰਾਂ ਨੇ ਦੱਸਿਆ ਕਿ ਇਹ ਸੜਕ ਲੰਘੇ ਸਾਲ ਆਏ ਹੜ੍ਹਾਂ ਕਾਰਨ ਟੁੱਟ ਗਈ ਸੀ ਜਿਸ ਤੋਂ ਬਾਅਦ ਇਸਦੀ ਮੁਰੰਮਤ ਨਹੀਂ ਕੀਤੀ ਗਈ। ਸਿੱਟੇ ਵਜੋਂ ਸੜਕ 'ਤੇ ਵੱਡੇ ਵੱਡੇ ਟੋਏ ਪਏ ਹਨ ਜਿਨ੍ਹਾਂ ਵਿੱਚ ਡਿੱਗ ਕੇ ਲੋਕਾਂ ਦੇ ਮਹਿੰਗੇ ਵਾਹਨ ਟੁੱਟ ਰਹੇ ਹਨ। ਉਥੇ ਹੀ ਖੱਡਿਆਂ ਵਿੱਚ ਡਿੱਗ ਕੇ ਦੋ ਪਹੀਆ ਵਾਹਨ ਹਾਦਸਾਗ੍ਰਸਤ ਹੋ ਰਹੇ ਹਨ। ਲੋਕਾਂ ਨੇ ਦੱਸਿਆ ਕਿ ਮੀਂਹ ਦੇ ਦਿਨਾਂ ਵਿੱਚ ਇਨ੍ਹਾਂ ਖੱਡਿਆਂ ਵਿੱਚ ਪਾਣੀ ਭਰ ਜਾਂਦਾ ਹੈ ਅਤੇ ਸੜਕ ਦੀ ਸਥਿਤੀ ਹੋਰ ਵੀ ਖ਼ਤਰਨਾਕ ਹੋ ਜਾਂਦੀ ਹੈ। ਲੋਕਾਂ ਨੇ ਦੱਸਿਆ ਕਿ ਕਈਂ ਵਾਰ ਇਸ ਸੜਕ ਦੀ ਹਾਲਤ ਸੁਧਾਰਨ ਲਈ ਪ੍ਰਸ਼ਾਸ਼ਨਿਕ ਅਧਿਕਾਰੀਆਂ ਨੂੰ ਗੁਹਾਰ ਲਾ ਚੁੱਕੇ ਹਨ ਪਰ ਉਹ ਲੋਕਾਂ ਦੀ ਸਮੱਸਿਆ ਨੂੰ ਗੰਭੀਰਤਾਂ ਨਾਲ ਨਹੀਂ ਲੈ ਰਹੇ ਹਨ।





ਇਸ ਸੜਕ 'ਤੇ ਸਥਿਤ ਉਦਯੋਗਿਕ ਇਕਾਈਆਂ ਦੇ ਮਾਲਕਾਂ ਨੇ ਦੱਸਿਆ ਕਿ ਸਭ ਤੋਂ ਵਧ ਉਹ ਪੰਜਾਬ ਸਰਕਾਰ ਨੂੰ ਟੈਕਸ ਦਿੰਦੇ ਹਨ ਪਰ ਇਸਦੇ ਬਾਵਜੂਦ ਕੋਈ ਸਹੂਲਤਾਂ ਨਹੀਂ ਮਿਲ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸੜਕਾਂ ਬੁਨਿਆਦੀ ਸਹੂਲਤ ਹੈ ਜਿਸ ਨੂੰ ਦੇਣ ਵਿੱਚ ਸਰਕਾਰ ਨਾਕਾਮ ਸਾਬਤ ਹੋ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਇਸ ਨਾਲ ਉਨ੍ਹਾਂ ਦੇ ਕਾਰੋਬਾਰ ਨੂੰ ਭਾਰੀ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਨੇ ਸਰਕਾਰ ਤੋਂ ਇਸ ਸੜਕ ਦੀ ਛੇਤੀ ਮੁਰੰਮਤ ਕਰਨ ਦੀ ਮੰਗ ਕੀਤੀ ਹੈ।

ਗੱਲ ਕਰਨ 'ਤੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਛੇਤੀ ਇਸ ਸੜਕ ਦੀ ਮੁਰੰਮਤ ਕਰਵਾਈ ਜਾਏਗੀ।

# ਕੁਸ਼ਟ ਰੋਗ ਸਬੰਧੀ ਕਰਵਾਈ ਗਈ ਟਰੇਨਿੰਗ

ਬਰਨਾਲਾ(ਲੋਕ ਬਾਣੀ) ਸਿਹਤ ਵਿਭਾਗ ਬਰਨਾਲਾ ਵੱਲੋਂ ਡਾ. ਬਲਦੇਵ ਸਿੰਘ ਸਿਵਲ ਸਰਜਨ ਬਰਨਾਲਾ ਦੇ ਦਿਸ਼ਾ ਨਿਰਦੇਸ਼ਾ ਅਧੀਨ ਕੁਸ਼ਟ ਰੋਗ ਸਬੰਧੀ ਜ਼ਿਲ੍ਹਾ ਪੱਧਰ ਤੇ ਡਾ. (ਮੇਜਰ ) ਕਾਕੁਲ ਬਾਜਵਾ ( ਚਮੜੀ ਰੋਗਾਂ ਦੇ ਮਾਹਿਰ) ਜ਼ਿਲ੍ਹਾ ਲੈਪਰੋਸੀ ਅਫ਼ਸਰ ਵੱਲੋਂ ਡਾਕਟਰ ਅਤੇ ਸਿਹਤ ਕਰਮਚਾਰੀਆਂ ਨੂੰ ਟਰੇਨਿੰਗ ਦਿੱਤੀ ਗਈ।



ਡਾ. (ਮੇਜਰ) ਕਾਕੁਲ ਬਾਜਵਾ ਨੇ ਦੱਸਿਆ ਕਿ 1983 ਚ ਨੈਸ਼ਨਲ ਲੈਪਰੋਸੀ ਅਰੈਡੀਕੇਸ਼ਨ ਪ੍ਰੋਗਰਾਮ ਸ਼ੁਰੂ ਕੀਤਾ ਗਿਆ । ਜਿਸ ਦਾ ਮੁੱਖ ਉਦੇਸ਼ ਕੁਸ਼ਟ ਰੋਗ ਸਬੰਧੀ ਡਰ, ਭਰਮ-ਭੁਲੇਖੇ ਦੂਰ ਕਰਕੇ ਸਮੇਂ ਸਿਰ ਇਲਾਜ ਲਈ ਪ੍ਰੇਰਿਤ ਕਰਨਾ ਹੈ । ਸਿਵਲ ਹਸਪਤਾਲ ਬਰਨਾਲਾ ਚ ਇਸਦਾ ਇਲਾਜ ਮੁਫ਼ਤ ਕੀਤਾ ਜਾਂਦਾ ਹੈ।

ਜ਼ਿਲ੍ਹਾ ਲੈਪਰੋਸੀ ਅਫ਼ਸਰ ਨੇ ਦੱਸਿਆ ਕਿ ਚਮੜੀ ਤੇ ਹਲਕੇ ਲਾਲ, ਚਿੱਟੇ ਜਾਂ ਤਾਂਬੇ ਰੰਗ ਦੇ ਗੋਲ ਦਾਗ ਜੋ ਕਿ ਸੁੰਨ ਹੋਣ ਜਾਂ ਦਾਗ ਵਾਲੀ ਜਗ੍ਹਾਂ ਤੋਂ ਵਾਲ ਝੜ ਜਾਣ , ਹੱਥਾਂ ਤੇ ਪੈਰਾਂ ਦੇ ਅੰਦਰਲੇ ਹਿਸਾ ਸੁੰਨ ਹੋਵੇ ਤਾਂ ਤੁਰੰਤ ਡਾਕਟਰੀ ਸਲਾਹ ਅਨੁਸਾਰ ਪੂਰਾ ਸਮਾਂ ਇਲਾਜ ਕਰਾਉਣਾ ਚਾਹੀਦਾ ਹੈ। ਕੁਸ਼ਟ ਰੋਗ ਚਮੜੀ ਅਤੇ ਨਾੜੀਤੰਤਰ ਤੇ ਮਾੜਾ ਅਸਰ ਕਰਦਾ ਹੈ।

ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਅਤੇ ਹਰਜੀਤ ਸਿੰਘ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਨੇ ਦੱਸਿਆ ਕਿ ਕੁਸ਼ਟ ਰੋਗ ਆਮ ਰੋਗਾਂ ਵਾਂਗ ਰੋਗ ਹੈ ਜੋ ਕਿ ਇਲਾਜਯੋਗ ਹੈ। ਜੇਕਰ ਕਿਸੇ ਨੂੰ ਵੀ ਸਿਹਤ ਸਮੱਸਿਆ ਹੋਵੇ ਤਾਂ ਸਿਵਲ ਹਸਪਤਾਲ ਬਰਨਾਲਾ ਚ ਮੁਫ਼ਤ ਸਿਹਤ ਸਹੂਲਤਾਂ ਦਿੱਤੀਆਂ ਜਾਂਦੀਆਂ ਹਨ ਅਤੇ ਸਿਹਤ ਕਰਮਚਾਰੀਆਂ ਵੱਲੋਂ ਸਮੇਂ-ਸਮੇਂ ਤੇ ਜਾਗਰੂਕ ਕੀਤਾ ਜਾਂਦਾ ਹੈ।

# ਸੀ.ਐਚ.ਸੀ ਮਹਿਲ ਕਲਾਂ ਵਿਖੇ ਗਰਭਵਤੀ ਔਰਤਾਂ ਦਾ ਮੁ.ਫਤ ਜਾਂਚ ਕੈਂਪ

ਮਹਿਲ ਕਲਾਂ, (ਲੋਕ ਬਾਣੀ) ਸਿਵਲ ਸਰਜਨ ਬਰਨਾਲਾ ਡਾ.ਬਲਦੇਵ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਬਲਾਕ ਮਹਿਲ ਕਲਾਂ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ.ਗੁਰਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਅੱਜ ਸੀ ਐਚ ਸੀ ਮਹਿਲ ਕਲਾਂ ਵਿਖੇ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀ ਔਰਤਾਂ ਲਈ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ ਜਿਸ ਵਿੱਚ ਡਾ.ਇਸ਼ਾ ਗੁਪਤਾ ਵਲੋਂ ਗਰਭਵਤੀ ਔਰਤਾਂ ਦੀ ਜਾਂਚ ਕੀਤੀ ਗਈ।



ਇਸ ਮੌਕੇ ਜਾਣਕਾਰੀ ਦਿੰਦਿਆਂ ਬੀ ਈ ਈ ਸ਼ਿਵਾਨੀ ਨੇ ਦੱਸਿਆ ਕਿ ਇਸ ਕੈਂਪ ਦਾ ਮੁੱਖ ਉਦੇਸ਼ ਗਰਭਕਾਲ ਅਤੇ ਜਣੇਪੇ ਦੌਰਾਨ ਹੋਣ ਵਾਲੀ ਮੌਤ ਦਰ ਨੂੰ ਘੱਟ ਕਰਨਾ ਅਤੇ ਜੱਚਾ ਬੱਚਾ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਹੈ। ਉਨਾਂ ਦੱਸਿਆ ਕਿ ਕੈਂਪ ਦੌਰਾਨ ਗਰਭਵਤੀ ਔਰਤਾਂ ਦਾ ਬੀ ਪੀ, ਸ਼ੂਗਰ, ਹੀਮੋਗਲੋਬਿਨ ਅਤੇ ਹੋਰ ਲੋੜੀਂਦੇ ਟੈਸਟ ਕੀਤੇ ਜਾਂਦੇ ਹਨ ਅਤੇ ਹਾਈ ਰਿਸਕ ਗਰਭਵਤੀ ਔਰਤਾਂ ਦੀ ਪਛਾਣ ਕਰਕੇ ਉਨਾਂ ਦੇ ਸੁਰੱਖਿਅਤ ਜਣੇਪੇ ਲਈ ਐਕਸ਼ਨ ਪਲਾਨ ਤਿਆਰ ਕੀਤਾ ਜਾਂਦਾ ਹੈ।

ਇਸ ਦੌਰਾਨ ਐਲ ਐਚ ਵੀ ਬਲਵਿੰਦਰ ਕੌਰ ਵਲੋਂ ਗਰਭਵਤੀ ਔਰਤਾਂ ਨੂੰ ਗਰਭਾਵਸਥਾ ਦੌਰਾਨ ਸਹੀ ਖ਼ੁਰਾਕ ਅਤੇ ਕਸਰਤ, ਬੱਚੇ ਨੂੰ ਦੁੱਧ ਪਿਲਾਉਣ ਦੇ ਸਹੀ ਤਰੀਕਿਆਂ, ਸੰਪੂਰਨ ਟੀਕਾਕਰਣ ਅਤੇ ਬੱਚਿਆਂ ਵਿਚਕਾਰ ਅੰਤਰਾਲ ਦੇ ਤਰੀਕਿਆਂ ਆਦਿ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਐਲ ਐਚ ਵੀ ਹਰਪਾਲ ਕੌਰ, ਸੀ ਐਚ ਓ ਸੁਖਦੀਪ ਕੌਰ, ਏ ਐਨ ਐਮ ਗੁਰਵੀਰ ਕੌਰ ਅਤੇ ਸਰਬਜੀਤ ਕੌਰ ਤੇ ਆਸ਼ਾ ਵਰਕਰਾਂ ਮੌਜੂਦ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements In 2022 - 2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
/stsoldiergroup
www.stsoldiergroup.com
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565